ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 20 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੮ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਇੱਕ ਹੋਰ ਦਾਗੀ...!

## ਨਸ਼ਾ ਤਸਕਰੀ ਦੇ ਮਾਮਲੇ 'ਚ ਕਾਂਸਟੇਬਲ ਤੇ ਉਸਦਾ ਸਾਥੀ ਗ੍ਰਿਫ਼ਤਾਰ, 46 ਲੱਖ ਦੀ ਹਵਾਲਾ ਨਕਦੀ ਬਰਾਮਦ



ਅੰਮ੍ਰਿਤਸਰ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਇੱਕ ਹੋਰ ਵੱਡੀ ਸਫਲਤਾ ਮਿਲੀ ਹੈ। ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਅੰਤਰਰਾਸ਼ਟਰੀ ਨਾਰਕੋ ਹਵਾਲਾ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ ਤੇ ਲੁਧਿਆਣਾ ਵਿੱਚ ਤਾਇਨਾਤ ਪੁਲਿਸ ਕਾਂਸਟੇਬਲ ਨਵਜੋਤ ਸਿੰਘ ਅਤੇ ਉਸਦੇ ਸਾਥੀ ਹਰਮੀਤ, ਜੋ ਕਿ ਸਦਰ ਅੰਮ੍ਰਿਤਸਰ ਦਾ ਰਹਿਣ ਵਾਲਾ ਹੈ, ਨੂੰ ਗ੍ਰਿਫ਼ਤਾਰ ਕੀਤਾ ਹੈ। ਦੋਵੇਂ ਮੁਲਜ਼ਮ ਹਵਾਲਾ ਰਾਹੀਂ ਭਾਰਤ ਵਿੱਚ ਵੱਡੀ ਮਾਤਰਾ ਵਿੱਚ ਪੈਸਾ ਲਿਆ ਕੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਦੇ ਸਨ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਛੇਹਰਟਾ ਪੁਲਿਸ ਸਟੇਸ਼ਨ ਨੇ ਹਰਿਆਣਾ ਦੇ ਭਿਵਾਨੀ ਦੇ ਰਹਿਣ ਵਾਲੇ ਅਨਿਲ ਸੈਣੀ ਤੋਂ ਭਾਰੀ ਮਾਤਰਾ ਵਿੱਚ ਹੈਰੋਇਨ ਬਰਾਮਦ ਕੀਤੀ ਹੈ, ਜੋ ਹਾਲ ਹੀ ਵਿੱਚ ਗੁੜਗਾਓਂ ਰਹਿ ਰਿਹਾ ਸੀ। ਇਸ ਮਾਮਲੇ ਵਿੱਚ ਹੋਰ ਕੜੀਆਂ ਦੀ ਜਾਂਚ ਕਰਦੇ ਹੋਏ, ਹਵਾਲਾ ਨਾਲ ਸਬੰਧਤ ਦੋਵੇਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਿਸ ਦੀ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਨੈੱਟਵਰਕ ਵਿਦੇਸ਼ ਤੋਂ ਚਲਾਇਆ ਜਾ ਰਿਹਾ ਸੀ। ਗ੍ਰਿਫ਼ਤਾਰ ਕੀਤਾ ਗਿਆ ਕਾਂਸਟੇਬਲ ਅਤੇ ਉਸਦਾ ਸਾਥੀ ਅਮਰੀਕਾ ਸਥਿਤ ਬਦਨਾਮ ਡਰੱਗ ਤਸਕਰ ਜੋਬਨ ਕਲੇਰ ਤੇ ਅੰਮ੍ਰਿਤਸਰ ਦਿਹਾਤੀ ਗੈਂਗਸਟਰ ਗੋਪੀ ਚੋਗਾਵਾਂ ਦੇ ਸੰਪਰਕ ਵਿੱਚ ਸਨ। ਇਹ ਦੋਵੇਂ ਵਿਦੇਸ਼ਾਂ ਵਿੱਚ ਬੈਠ ਕੇ ਨਸ਼ਿਆਂ ਅਤੇ ਹਵਾਲਾ ਰਾਹੀਂ ਫੰਡਿੰਗ ਦਾ ਪੂਰਾ ਨੈੱਟਵਰਕ ਚਲਾ ਰਹੇ ਸਨ, ਜਿਸ ਵਿੱਚ ਪੰਜਾਬ ਦੇ ਅੰਦਰ ਬੈਠੇ ਕੁਝ ਲੋਕ ਸਰਗਰਮ ਭੂਮਿਕਾ ਨਿਭਾ ਰਹੇ ਸਨ। ਗ੍ਰਿਫ਼ਤਾਰੀ ਦੌਰਾਨ, ਪੁਲਿਸ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 46.91 ਲੱਖ ਰੁਪਏ ਦੀ ਹਵਾਲਾ ਰਕਮ ਵੀ ਬਰਾਮਦ ਕੀਤੀ। ਡੀਜੀਪੀ ਪੰਜਾਬ ਗੌਰਵ ਯਾਦਵ ਨੇ ਪੁਸ਼ਟੀ ਕੀਤੀ ਕਿ ਇਹ ਪੈਸਾ ਹਵਾਲਾ ਚੈਨਲ ਰਾਹੀਂ ਦੁਬਈ ਰਾਹੀਂ ਭਾਰਤ ਭੇਜਿਆ ਗਿਆ ਸੀ ਅਤੇ ਇਸਦੀ ਵਰਤੋਂ ਨਸ਼ਿਆਂ ਦੀ ਖਰੀਦ-ਵੇਚ ਅਤੇ ਨੈੱਟਵਰਕ ਚਲਾਉਣ ਲਈ ਕੀਤੀ ਜਾਣੀ ਸੀ। ਇਸ ਸਬੰਧੀ ਛੇਹਰਟਾ ਥਾਣੇ ਵਿੱਚ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਇਸ ਨੈੱਟਵਰਕ ਦੇ ਪਿਛਲੇ ਅਤੇ ਅਗਲੇ ਲਿੰਕਾਂ ਨੂੰ ਸਥਾਪਤ ਕਰਨ ਲਈ ਜਾਂਚ ਕਰ ਰਹੀ ਹੈ। ਪੁਲਿਸ ਅਧਿਕਾਰੀ ਨੇ ਕਿਹਾ ਕਿ ਇਸ ਪੂਰੀ ਪ੍ਰਣਾਲੀ ਦੀ ਜੜ੍ਹ ਤੱਕ ਪਹੁੰਚਣ ਲਈ, ਉਹ ਵਿੱਤੀ ਲੈਣ-ਦੇਣ ਦੀਆਂ ਕੜੀਆਂ ਨੂੰ ਜੋੜ ਰਹੇ ਹਨ। ਹਵਾਲਾ ਪੈਸੇ ਦੀ ਵਸੂਲੀ ਦੇ ਨਾਲ-ਨਾਲ, ਹੋਰ ਲਿੰਕਾਂ ਦਾ ਵੀ ਪਰਦਾਫਾਸ਼ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਸਮਰਥਨ ਕਰਨ ਵਾਲੇ ਪੂਰੇ ਵਾਤਾਵਰਣ ਨੂੰ ਖਤਮ ਕੀਤਾ ਜਾ ਸਕੇ।



## ਪੰਜਾਬ ਸਰਕਾਰ ਦਾ ਇੱਕ ਹੋਰ 'ਕ੍ਰਾਂਤੀ ਮਾਡਲ'

# 'ਕਪੂਰਥਲਾ ਹਾਊਸ' ਬਣਿਆ 'ਮੈਰਿਜ ਪੈਲੇਸ'! ਪਹਿਲਾਂ ਚੱਢਾ ਤੇ ਹੁਣ ਕੇਜਰੀਵਾਲ ਦੀ ਧੀ ਦਾ ਕਰਵਾਇਆ ਵਿਆਹ

ਇਹ ਸਿਰਫ ਸਮੇਂ ਦੀ ਗੱਲ ਹੈ ਜਦੋਂ ਮਾਨਯੋਗ ਮੁੱਖ ਮੰਤਰੀ ਇਸਨੂੰ ਪੰਜਾਬ ਸਰਕਾਰ ਦੀ ਨਵੀਂ ਪਹਿਲਕਦਮੀ ਵਜੋਂ ਐਲਾਨ ਕਰ ਸਕਦੇ ਹਨ। ਵਿਆਹਾਂ ਲਈ ਕਪੂਰਥਲਾ ਹਾਊਸ ਦੇ ਦਰਵਾਜ਼ੇ ਖੋਲ੍ਹ ਕੇ ਲਗਭਗ ਦੀਵਾਲੀਆ ਹੋ ਚੁੱਕੇ ਪੰਜਾਬ ਲਈ ਮਾਲੀਆ ਕਮਾਉਣ ਲਈ 'ਕ੍ਰਾਂਤੀ' ਦਾ ਇੱਕ ਹੋਰ ਮਾਡਲ ...

### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਧੀ ਹਰਸ਼ਿਤਾ, ਸੰਭਵ ਜੈਨ ਨਾਲ ਵਿਆਹ ਦੇ ਬੰਧਨ ਵਿੱਚ ਬੱਝ ਗਈ। ਹਰਸ਼ਿਤਾ ਤੇ ਸੰਭਵ ਜੈਨ ਆਈਆਈਟੀ ਦਿੱਲੀ 'ਚ ਪੜ੍ਹਦੇ ਸਨ, ਜਿੱਥੇ ਦੋਵੇਂ ਦੀ ਮੁਲਾਕਾਤ ਹੋਈ। ਵਿਆਹ ਸਮਾਗਮ ਤੇ ਰਿਸੈਪਸ਼ਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਦਿੱਲੀ ਵਿਚਲੀ ਸਰਕਾਰੀ ਰਿਹਾਇਸ਼ ਕਪੂਰਥਲਾ ਹਾਊਸ ਵਿੱਚ ਹੋਈ। ਇਸ ਨੂੰ ਲੈ ਕੇ ਹੁਣ ਵਿਰੋਧੀ ਧਿਰਾਂ ਆਪ ਸਰਕਾਰ ਉੱਤੇ ਹਮਲਾਵਰ ਹੋ ਗਈਆਂ ਹਨ। ਇਸ ਦੌਰਾਨ ਭਾਰਤੀ ਜਨਤਾ ਪਾਰਟੀ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ ਕਿ ਅਰਵਿੰਦ ਕੇਜਰੀਵਾਲ ਜੀ ਨੂੰ ਕਪੂਰਥਲਾ ਹਾਊਸ ਵਿਖੇ ਉਨ੍ਹਾਂ ਦੀ ਧੀ ਦੇ ਵਿਆਹ ਦੇ ਮੌਕੇ 'ਤੇ ਹਾਰਦਿਕ ਸ਼ੁਭਕਾਮਨਾਵਾਂ। ਕੁਝ ਸਮੇਂ ਤੋਂ 'ਕਪੂਰਥਲਾ ਹਾਊਸ' 'ਮੈਰਿਜ ਪੈਲੇਸ ਆਫ਼ ਐਮੀਨੈਂਸ' ਬਣ ਗਿਆ ਜਾਪਦਾ ਹੈ। ਇਸ ਵਿਆਹ ਤੋਂ ਪਹਿਲਾਂ, ਰਾਘਵ ਚੱਢਾ ਦੇ ਵਿਆਹ ਤੋਂ ਪਹਿਲਾਂ ਦੀਆਂ ਰਸਮਾਂ ਇਸੇ ਸਥਾਨ 'ਤੇ ਹੋਈਆਂ ਸਨ। ਸ਼ਾਲੀਨਤਾ ਦੇ ਸਵਾਲਾਂ ਨੂੰ ਭੁੱਲ ਜਾਓ, ਇਹ ਸਿਰਫ ਸਮੇਂ ਦੀ ਗੱਲ ਹੈ ਜਦੋਂ ਮਾਨਯੋਗ ਮੁੱਖ ਮੰਤਰੀ ਇਸਨੂੰ ਪੰਜਾਬ ਸਰਕਾਰ ਦੀ ਨਵੀਂ ਪਹਿਲਕਦਮੀ ਵਜੋਂ ਐਲਾਨ ਕਰ ਸਕਦੇ ਹਨ। ਵਿਆਹਾਂ ਲਈ ਕਪੂਰਥਲਾ ਹਾਊਸ ਦੇ ਦਰਵਾਜ਼ੇ ਖੋਲ੍ਹ ਕੇ ਲਗਭਗ ਦੀਵਾਲੀਆ ਹੋ ਚੁੱਕੇ ਪੰਜਾਬ ਲਈ ਮਾਲੀਆ ਕਮਾਉਣ ਲਈ 'ਕ੍ਰਾਂਤੀ' ਦਾ ਇੱਕ ਹੋਰ ਮਾਡਲ। ਮੁੱਖ ਮੰਤਰੀ ਭਗਵੰਤ ਮਾਨ ਉਨ੍ਹਾਂ ਚੋਣਵੇਂ ਮਹਿਮਾਨਾਂ ਵਿਚ ਸ਼ਾਮਲ ਸਨ ਜਿਨ੍ਹਾਂ ਨੂੰ ਇਸ ਵਿਆਹ ਲਈ ਸੱਦਾ ਦਿੱਤਾ ਗਿਆ ਸੀ। ਹਾਲਾਂਕਿ ਕਈ ਹੋਰ 'ਆਪ' ਆਗੂ ਵੀ ਇਸ ਸਮਾਗਮ ਵਿਚ ਸ਼ਾਮਲ ਹੋਏ। ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੀ ਪਤਨੀ ਗੁਰਪ੍ਰੀਤ ਕੌਰ ਨਾਲ ਮਿਲ ਕੇ 'ਨੱਚੀ ਜੋ ਸਾਡੇ ਨਾਲ' ਗੀਤ 'ਤੇ ਭੰਗੜਾ ਪਾਇਆ। ਜਿਸਦਾ ਵੀਡੀਓ ਇੰਟਰਨੈੱਟ ਉੱਪਰ ਤੇਜ਼ੀ ਨਾਲ ਵਾਈਰਲ ਹੋ ਰਿਹਾ ਹੈ।

## ਕੇਜਰੀਵਾਲ ਦੀ ਧੀ ਦੇ ਵਿਆਹ 'ਚ ਸੀਐਮ ਭਗਵੰਤ ਮਾਨ ਨੇ ਖਿੱਚਿਆ ਧਿਆਨ! ਪਾਇਆ ਸ਼ਾਨਦਾਰ ਭੰਗੜਾ; ਵੀਡੀਓ ਵਾਈਰਲ...

ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਧੀ ਹਰਸ਼ਿਤਾ ਦੀ ਮੰਗਣੀ ਵੀਰਵਾਰ ਰਾਤ ਨੂੰ ਦਿੱਲੀ ਦੇ



ਸ਼ਾਂਗਰੀ-ਲਾ ਹੋਟਲ ਵਿੱਚ ਹੋਈ। ਕੇਜਰੀਵਾਲ ਨੇ ਆਪਣੀ ਪਤਨੀ ਸੁਨੀਤਾ ਨਾਲ ਸਟੇਜ 'ਤੇ ਖ਼ੂਬ ਡਾਂਸ ਕੀਤਾ। ਮੰਗਣੀ ਸਮਾਰੋਹ ਦੀਆਂ ਕੁਝ ਵੀਡੀਓਜ਼ ਸਾਹਮਣੇ ਆਈਆਂ ਹਨ ਜਿਸ ਵਿੱਚ ਕੇਜਰੀਵਾਲ ਆਪਣੀ ਪਤਨੀ ਸੁਨੀਤਾ ਨਾਲ ਫਿਲਮ ਪੁਸ਼ਪਾ-2 ਦੇ ਗੀਤ 'ਅੰਗਾਰੋਂ ਕਾ ਅੰਬਰ ਸਾ ਲੱਗਦਾ ਹੈ ਮੇਰਾ ਸਾਮੀ' 'ਤੇ ਉਹੀ ਡਾਂਸ ਸਟੈੱਪ ਕਰਦੇ ਦਿਖਾਈ ਦੇ ਰਹੇ ਹਨ। ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੀ ਪਤਨੀ ਗੁਰਪ੍ਰੀਤ ਕੌਰ ਨਾਲ ਮਿਲ ਕੇ 'ਨੱਚੀ ਜੋ ਸਾਡੇ ਨਾਲ' ਗੀਤ 'ਤੇ ਭੰਗੜਾ ਪਾਇਆ। ਜਿਸਦਾ ਵੀਡੀਓ ਇੰਟਰਨੈੱਟ ਉੱਪਰ ਤੇਜ਼ੀ ਨਾਲ ਵਾਈਰਲ ਹੋ ਰਿਹਾ ਹੈ।



File Photo

## ਕਿਸਾਨਾਂ ਲਈ ਆਫ਼ਤ ਦੇ ਦਿਨ! ਮੁੜ ਤੋਂ ਮੀਂਹ ਦਾ ਯੈਲੋ ਅਲਰਟ

# ਝੱਖੜ ਨੇ ਕੀਤਾ ਫਸਲਾਂ ਦਾ ਭਾਰੀ ਨੁਕਸਾਨ, ਰੱਬ ਅੱਗੇ ਅਰਦਾਸਾਂ ਕਰ ਰਿਹਾ ਅੰਨਦਾਤਾ

ਤਰਨ ਤਾਰਨ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)–ਪੰਜਾਬ ਵਿੱਚ ਅੱਜ ਸ਼ਨੀਵਾਰ ਨੂੰ ਵੀ ਮੀਂਹ ਸਬੰਧੀ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਸ ਸਮੇਂ ਦੌਰਾਨ, ਰਾਜ ਦੇ ਕਈ ਜ਼ਿਲ੍ਹਿਆਂ ਵਿੱਚ 40 ਕਿਲੋਮੀਟਰ ਦੀ ਰਫ਼ਤਾਰ ਨਾਲ ਹਵਾਵਾਂ ਚੱਲ ਸਕਦੀਆਂ ਹਨ। ਸ਼ੁੱਕਰਵਾਰ ਨੂੰ ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿੱਚ ਵੀ ਮੀਂਹ ਪਿਆ। ਸੰਗਰੂਰ ਵਿੱਚ ਵੀ ਨੁਕਸਾਨ ਦੀਆਂ ਰਿਪੋਰਟਾਂ ਹਨ। ਇੱਥੇ ਇੱਕ ਟਾਵਰ ਡਿੱਗਣ ਕਾਰਨ 4-5 ਘਰਾਂ ਦੀਆਂ ਛੱਤਾਂ ਨੂੰ ਨੁਕਸਾਨ ਪਹੁੰਚਿਆ। ਕਈ ਸੜਕਾਂ 'ਤੇ ਦਰੱਖਤ ਵੀ ਡਿੱਗ ਪਏ। ਇਸ ਵੇਲੇ ਕਿਸਾਨਾਂ ਵਿੱਚ ਕਣਕ ਦੀ ਵਾਢੀ ਦਾ ਜ਼ੋਰ ਚੱਲ਼ ਰਿਹਾ ਹੈ ਤੇ ਜਿਨ੍ਹਾਂ ਨੇ ਵੱਢ ਲਈ ਹੈ ਉਨ੍ਹਾਂ ਦੀ ਫਸਲ ਇਸ ਵੇਲੇ ਖੁੱਲ੍ਹੇ ਅਸਮਾਨ ਥੱਲੇ ਮੰਡੀਆਂ ਵਿੱਚ ਪਈਆਂ ਹੈ। ਇਸ ਮੌਕੇ ਪੈ ਰਿਹਾ ਮੀਂਹ ਦੋਵਾਂ ਲਈ ਨੁਕਸਾਨਦਾਇਕ ਹੈ। ਕਈ ਥਾਵਾਂ ਉੱਤੇ ਤਾਂ ਕਣਕ ਬੁਰੀ ਤਰ੍ਹਾਂ ਨਾਲ ਨੁਕਸਾਨੀ ਗਈ ਹੈ ਤੇ ਇਸ ਤੋਂ ਚੱਲੇ ਝੱਖੜ ਨੇ ਪੂਰੀ ਤਰ੍ਹਾਂ ਝੰਬ ਕੇ ਰੱਖ ਦਿੱਤੀ ਹੈ। ਇਸ ਮੌਕੇ ਅੰਨਦਾਤਾ ਰੱਬ ਅੱਗੇ ਅਰਦਾਸਾਂ ਕਰ ਰਿਹਾ ਹੈ ਕਿ ਇਸ ਕੁਦਰਤੀ ਮਾਰ ਨੂੰ ਰੋਕਿਆ ਜਾਵੇ ਤਰਨਤਾਰਨ ਦੇ ਪਿੰਡ ਘਰਿਆਲੀ ਦਾਸੂਵਾਲ ਵਿਖੇ ਭਾਰੀ ਮੀਂਹ, ਹਨੇਰੀ, ਝੱਖੜ ਤੇ ਗੜ੍ਹੇਮਾਰੀ ਨੇ ਕਿਸਾਨਾਂ ਦੀ ਕਣਕ ਦੀ ਫ਼ਸਲ ਤਬਾਹ ਕਰ ਦਿੱਤੀ ਹੈ। ਸੰਗਰੂਰ ਵਿੱਚ ਤੇਜ਼ ਹਵਾਵਾਂ ਦੇ ਕਾਰਨ ਵੱਡੇ ਪੱਧਰ ਉੱਤੇ ਨੁਕਸਾਨ ਹੋਇਆ ਜਿੱਥੇ ਟਾਵਰ ਟੁੱਟੇ ਤਾਰਾਂ ਉੱਤੇ ਡਿੱਗੇ ਉੱਤੇ ਹੀ ਇੱਕ ਚਲਦੀ ਕਾਰ ਦੇ ਉੱਤੇ ਦਰਖਤ ਵੀ ਗਿਰ ਗਿਆ। ਭਵਾਨੀਗੜ੍ਹ ਵਿੱਚ ਹਨੇਰੀ ਅਤੇ ਝੱਖੜ ਨਾਲ ਜੀਓ ਕੰਪਨੀ ਦਾ ਟਾਵਰ ਲੋਕਾਂ ਦੇ ਘਰਾਂ ਦੇ ਉੱਪਰ ਡਿੱਗ ਗਿਆ ਹੈ। ਤਿੰਨ ਤੋਂ ਲੈ ਕੇ ਚਾਰ ਘਰਾਂ ਦਾ ਕੀਤਾ ਵੱਡੇ ਪੱਧਰ ਦੇ ਉੱਪਰ ਨੁਕਸਾਨ ਲੋਕਾਂ ਦੇ ਲੈਂਟਰ ਟੁੱਟਣ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਗਨੀਮਤ ਰਹੀ ਕੋਈ ਵੀ ਜਾਨੀ ਨੁਕਸਾਨ ਨਹੀਂ ਹੋਇਆ ਪਰ ਇਸ ਦੇ ਹਾਦਸੇ ਦੇ ਵਿੱਚ ਗੱਡੀ ਪੂਰੀ ਤਰ੍ਹਾਂ ਨੁਕਸਾਨੀ ਗਈ ਹੈ। ਕੁਝ ਜ਼ਿਲ੍ਹਿਆਂ ਵਿੱਚ ਮੀਂਹ ਪੈਣ ਦੇ ਬਾਵਜੂਦ, ਰਾਜ ਵਿੱਚ ਤਾਪਮਾਨ ਵਧਣਾ ਜਾਰੀ ਹੈ। ਰਾਜ ਦਾ ਔਸਤ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 2.8 ਡਿਗਰੀ ਵੱਧ ਹੈ। ਮੌਸਮ ਵਿਭਾਗ ਅਨੁਸਾਰ ਪਿਛਲੇ 24 ਘੰਟਿਆਂ ਵਿੱਚ ਸੂਬੇ ਦੇ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 0.3 ਡਿਗਰੀ ਸੈਲਸੀਅਸ ਦਾ ਵਾਧਾ ਹੋਇਆ ਹੈ। ਮੌਜੂਦਾ ਔਸਤ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 2.8 ਡਿਗਰੀ ਵੱਧ ਹੈ, ਜਿਸ ਕਾਰਨ ਗਰਮੀ ਦਾ ਪ੍ਰਭਾਵ ਸਪੱਸ਼ਟ ਤੌਰ 'ਤੇ ਦਿਖਾਈ ਦੇ ਰਿਹਾ ਹੈ। ਸੂਬੇ ਵਿੱਚ ਸਭ ਤੋਂ ਵੱਧ ਤਾਪਮਾਨ ਬਠਿੰਡਾ ਵਿੱਚ 42.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਕਿ ਪੂਰੇ ਪੰਜਾਬ ਵਿੱਚ ਸਭ ਤੋਂ ਵੱਧ ਹੈ। ਇਸ ਤੋਂ ਬਾਅਦ, ਲੁਧਿਆਣਾ ਵਿੱਚ 39.0 ਡਿਗਰੀ, ਪਟਿਆਲਾ ਵਿੱਚ 38.8 ਡਿਗਰੀ ਅਤੇ ਮੋਗਾ ਦੇ ਬੁੱਧ ਸਿੰਘ ਵਾਲਾ ਸਟੇਸ਼ਨ 'ਤੇ ਤਾਪਮਾਨ 38.1 ਡਿਗਰੀ ਦਰਜ ਕੀਤਾ ਗਿਆ। ਸ਼ੁੱਕਰਵਾਰ ਨੂੰ ਪੰਜਾਬ ਦੇ ਜ਼ਿਆਦਾਤਰ ਜ਼ਿਲ੍ਹਆਂ ਵਿੱਚ ਤੇਜ਼ ਹਵਾਵਾਂ ਚੱਲੀਆਂ। ਹਾਲਾਂਕਿ, ਕੋਈ ਨੁਕਸਾਨ ਨਹੀਂ ਹੋਇਆ। ਸ਼ੁੱਕਰਵਾਰ ਨੂੰ ਜਾਰੀ ਕੀਤੇ ਗਏ ਔਰੈਂਜ ਅਲਰਟ ਦੇ ਵਿਚਕਾਰ, ਮੋਗਾ ਵਿੱਚ 4 ਮਿਲੀਮੀਟਰ, ਲੁਧਿਆਣਾ ਵਿੱਚ 2 ਮਿਲੀਮੀਟਰ ਅਤੇ ਫਿਰੋਜ਼ਪੁਰ ਵਿੱਚ 2 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ। ਇਸ ਦੇ ਬਾਵਜੂਦ, ਅੱਜ ਹਿਮਾਚਲ ਦੇ ਨਾਲ ਲੱਗਦੇ ਜ਼ਿਲ੍ਹਿਆਂ ਵਿੱਚ ਮੀਂਹ ਅਤੇ ਤੇਜ਼ ਹਵਾਵਾਂ ਨੂੰ ਲੈ ਕੇ ਅਲਰਟ ਜਾਰੀ ਕੀਤਾ ਗਿਆ ਹੈ।

## ਡਰੱਗ ਕੇਸ ਦੇ ਮਾਮਲੇ 'ਚ ਕਸੁੱਤੇ ਫਸੇ ਮਜੀਠੀਆ

# ਅਦਾਲਤ ਵੱਲੋਂ ਸਪੈਸ਼ਲ ਇਨਵੈਸਟੀਗੇਸ਼ਨ ਟੀਮ ਨੂੰ 50 ਥਾਵਾਂ 'ਤੇ ਛਾਪੇਮਾਰੀ ਕਰਨ ਦੀ ਇਜਾਜ਼ਤ



ਚੰਡੀਗੜ੍ਹ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮਜੀਤ ਸਿੰਘ ਮਜੀਠੀਆ ਦੀਆਂ ਡਰੱਗ ਕੇਸ ਵਿੱਚ ਮੁਸ਼ਕਿਲਾਂ ਵੱਧ ਗਈਆਂ ਹਨ। ਦੱਸ ਦਈਏ ਕਿ ਬਿਕਰਮ ਮਜੀਠੀਆ ਨਾਲ ਜੁੜੇ ਡਰੱਗ ਰੈਕੇਟ ਮਾਮਲੇ ਵਿੱਚ ਅਦਾਲਤ ਨੇ ਸਪੈਸ਼ਲ ਇਨਵੈਸਟੀਗੇਸ਼ਨ ਟੀਮ ਨੂੰ 50 ਥਾਵਾਂ 'ਤੇ ਛਾਪੇਮਾਰੀ ਕਰਨ ਦਾ ਆਦੇਸ਼ ਦਿੱਤਾ ਹੈ। ਇਸ ਲਈ SIT ਨੇ ਵਾਰੰਟ ਲੈ ਲਿਆ ਹੈ। ਹਾਲਾਂਕਿ ਐਸਆਈਟੀ ਨੇ ਹਾਲੇ ਜਗ੍ਹਾ ਦਾ ਖੁਲਾਸਾ ਨਹੀਂ ਕੀਤਾ ਹੈ। ਉਨ੍ਹਾਂ ਦਾ ਕਹਿਣਾ ਕਿ ਜੇਕਰ ਲੋਕਸ਼ਨ ਸਾਂਝੀ ਕੀਤੀ ਗਈ ਤਾਂ ਦੋਸ਼ੀ ਆਸਾਨੀ ਨਾਲ ਪਕੜ ਵਿੱਚ ਆ ਸਕਦੇ ਹਨ। ਇਸ ਮਾਮਲੇ ਵਿੱਚ ਅਗਲੀ ਸੁਣਵਾਈ 3 ਮਈ ਨੂੰ ਹੋਵੇਗੀ। ਪੰਜਾਬ ਵਿੱਚ ਸੱਤਾ ਵਿੱਚ ਆਉਣ ਤੋਂ ਬਾਅਦ, ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਨੇ ਇਸ ਮਾਮਲੇ ਦੀ ਵਿਸ਼ੇਸ਼ ਜਾਂਚ ਟੀਮ ਨੂੰ ਬਦਲ ਦਿੱਤਾ ਸੀ। ਨਵੀਂ ਟੀਮ ਆਈਜੀ ਗੁਰਸ਼ਰਨ ਸਿੰਘ ਸੰਧੂ ਦੀ ਨਿਗਰਾਨੀ ਹੇਠ ਕੰਮ ਕਰ ਰਹੀ ਹੈ। ਇਸ ਐਸਆਈਟੀ ਦਾ ਮੁਖੀ ਆਈਪੀਐਸ ਅਧਿਕਾਰੀ ਐਸ. ਰਾਹੁਲ ਨੂੰ ਬਣਾਇਆ ਗਿਆ ਹੈ। ਟੀਮ ਵਿੱਚ ਏਆਈਜੀ ਰਣਜੀਤ ਸਿੰਘ ਢਿੱਲੋਂ, ਡੀਐਸਪੀ ਰਘੁਵੀਰ ਸਿੰਘ ਅਤੇ ਡੀਐਸਪੀ ਅਮਰਪ੍ਰੀਤ ਸਿੰਘ ਸ਼ਾਮਲ ਹਨ। ਪਿਛਲੀ ਐਸਆਈਟੀ 197 ਬਲਰਾਜ ਸਿੰਘ ਦੀ ਅਗਵਾਈ ਹੇਠ ਬਣਾਈ ਗਈ ਸੀ। ਅਕਾਲੀ ਦਲ ਨੇ ਮਜੀਠੀਆ 'ਤੇ ਗੰਭੀਰ ਦੋਸ਼ ਲਗਾਏ ਸਨ ਕਿ ਉਨ੍ਹਾਂ ਦੇ ਪੁੱਤਰ ਨੂੰ ਕੇਸ ਦੇ ਬਦਲੇ ਤਰੱਕੀ ਮਿਲੀ ਹੈ।

# ਮਨਜਿੰਦਰ ਸਿਰਸਾ ਨੇ ਨਜਾਇਜ਼ ਢਾਬੇ ਵਾਲਿਆਂ ਨੂੰ 24 ਘੰਟਿਆਂ ਦੇ ਅੰਦਰ ਬੰਦ ਕਰਨ ਦਾ ਦਿੱਤਾ ਹੁਕਮ



ਨਵੀਂ ਦਿੱਲੀ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਦਿੱਲੀ ਵਿੱਚ ਵਿਗੜਦੀ ਕਾਨੂੰਨੀ ਸਥਿਤੀ ਨੂੰ ਲੈ ਕੇ ਸਰਕਾਰ ਨਕੇਲ ਕੱਸ ਰਹੀ ਹੈ। ਕਈ ਰਿਹਾਇਸ਼ੀ ਇਲਾਕਿਆਂ ਦੀਆਂ ਸਮੱਸਿਆਵਾਂ ਪ੍ਰਤੀ ਸਰਕਾਰ ਦਾ ਰਵੱਈਆ ਸਖ਼ਤ ਹੁੰਦਾ ਜਾ ਰਿਹਾ ਹੈ। ਇਸੇ ਤਹਿਤ ਦਿੱਲੀ ਸਰਕਾਰ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਰਾਜੌਰੀ ਗਾਰਡਨ ਖੇਤਰ ਦਾ ਦੌਰਾ ਕੀਤਾ। ਜਿੱਥੇ ਉਨ੍ਹਾਂ ਨੇ ਸਥਾਨਕ ਨਾਗਰਿਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਥਿਤੀ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਕਈ ਗੰਭੀਰ ਮੁੱਦਿਆਂ 'ਤੇ ਆਪਣੀ ਨਾਰਾਜ਼ਗੀ ਜ਼ਾਹਰ ਕੀਤੀ, ਖਾਸ ਕਰਕੇ ਰਿਹਾਇਸ਼ੀ ਇਲਾਕਿਆਂ 'ਚ ਚੱਲ ਰਹੇ ਗੈਰ-ਕਾਨੂੰਨੀ ਢਾਬਿਆਂ ਅਤੇ ਮੀਟ ਦੀਆਂ ਦੁਕਾਨਾਂ ਦੇ ਮੁੱਦੇ 'ਤੇ ਉਨ੍ਹਾਂ ਦੀ ਨਾਰਾਜ਼ਗੀ ਸਾਫ਼ ਦਿਖਾਈ ਦਿੱਤੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਗੈਰ-ਕਾਨੂੰਨੀ ਢਾਬਿਆਂ ਵਿਰੁੱਧ ਕਾਰਵਾਈ ਕਰਨ ਦੇ ਹੁਕਮ ਦਿੱਤੇ। ਮੰਤਰੀ ਮਨਜਿੰਦਰ ਸਿਰਸਾ ਨੇ ਕਿਹਾ ਕਿ ਕਈ ਥਾਵਾਂ 'ਤੇ ਗੈਰ-ਕਾਨੂੰਨੀ ਢਾਬੇ ਖੋਲ੍ਹੇ ਗਏ ਹਨ, ਜਿਸ ਨਾਲ ਨਾ ਸਿਰਫ਼ ਟ੍ਰੈਫਿਕ ਜਾਮ ਦੀ ਸਮੱਸਿਆ ਵਧ ਰਹੀ ਹੈ ਬਲਕਿ ਸਥਾਨਕ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਵੀ ਪ੍ਰਭਾਵਿਤ ਹੋ ਰਹੀ ਹੈ। ਅਧਿਕਾਰੀਆਂ ਨੂੰ ਅਗਲੇ 24 ਘੰਟਿਆਂ ਦੇ ਅੰਦਰ ਇਨ੍ਹਾਂ ਸਾਰੇ ਗੈਰ-ਕਾਨੂੰਨੀ ਢਾਬਿਆਂ ਨੂੰ ਹਟਾਉਣ ਦੇ ਸਪੱਸ਼ਟ ਆਦੇਸ਼ ਦਿੱਤੇ ਹਨ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.**

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- **ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall**
  **+447976210161**
- **ਭਾਈ ਬਲਜੀਤ ਸਿਘ ਕੰਗ/Bhai Baljit Singh Kang**
  **+44 7780 605230**
- **ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)**
  **+44 7568 517223**

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਅਪੀਲ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ–ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ–ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼–ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
**info@sgpc.net** ਅਤੇ
ਵੱਟਸਐਪ ਨੰਬਰ **77101-36200**
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)





# ਮਹਾਨ ਅਵਤਾਰ ਪੁਰਬ

ਅਵਤਾਰ ਪੁਰਬ :-- ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ।
ਅਵਤਾਰ ਪੁਰਬ :-- ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ।



ਸ਼੍ਰੋਮਣੀ ਭਗਤ ਭਗਤ ਧੰਨਾ ਜੱਟ ਜੀ ਜਨਮ ਦਿਹਾੜੇ ਧੂਆ ਕਲਾਂ ਜ਼ਿਲ੍ਹਾ ਟਾਂਕ ਰਾਜਸਥਾਨ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ ।

**19 ਅਪ੍ਰੈਲ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ**

20 ਅਪ੍ਰੈਲ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ ।

ਕੀਰਤਨੀ ਜਥਾ ਰਾਗੀ ਭਾਈ ਅਮਨਦੀਪ ਸਿੰਘ ਮੋਧਨਾ ਵਾਲੇ ਗੁਰਬਾਣੀ ਕੀਰਤਨ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ

# ਮਹਾਨ ਅਵਤਾਰ ਪੁਰਬ



☛ ਸ਼ਹੀਦੀ ਜੋੜ ਮੇਲਾ ਚਾਲੀ ਮੁਕਤੇ ( ਮੁਕਤਸਰ ਸਾਹਿਬ ਜੀ ) ☛ ਜਨਮ ਦਿਵਸ਼ : ਸੰਤ ਬਾਬਾ ਜਵਾਲਾ ਸਿੰਘ ਜੀ ਹਰਖੋਵਾਲ ਹੁਸ਼ਿਆਰਪੁਰ । ☛ ਜੋੜ ਮੇਲਾ ਗੁਰੂ ਕਾ ਬਾਗ ਪਟਨਾ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**3 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

4 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਉਚੇਚ ਤੋਰ ਤੇ ਪੰਜਾਬ ਦੀ ਧਰਤੀ ਤੋਂ ਢਾਡੀ ਜਥਾ ਗਿਆਨੀ ਜਸਬੀਰ ਸਿੰਘ ਮੋਲੀਕੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778



ਆਵਾਜ਼ਿ ਕੌਮ
AWAZE QAUM
International Newspaper & WEB TV

ਪਹਿਲੀ ਬਰਸੀ

# ਗਿਆਨੀ ਪ੍ਰੀਤਮ ਸਿੰਘ ਜੀ ਲਿਖਾਰੀ

ਦਮਦਮੀ ਟਕਸਾਲ ਜਥਾ ਭਿੰਡਰਾਂ



## ਸ੍ਰੀ ਸਹਿਜ ਪਾਠ ਸਾਹਿਬ ਭੋਗ

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ, ਪਾਰਕ ਐਵਨਿਊ
UB1 3AG (HALL 2)

**ਮੰਗਲਵਾਰ ੧੫ ਅਪ੍ਰੈਲ ੨੦੨੫**
ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਅਤੇ ਕੀਰਤਨ ਦਰਬਾਰ - ਸ਼ਾਮ ੬-੮ ਵਜੇ
(ਗਿਆਨੀ ਜੀ ਦੇ ਸਮੂਹ ਵਿਦਿਆਰਥੀਆਂ ਵਲੋਂ)

## ਸ੍ਰੀ ਅਖੰਡ ਪਾਠ ਸਾਹਿਬ

ਸ੍ਰੀ ਗੁਰੂ ਅਮਰਦਾਸ ਜੀ ਹਾਲ,
ਐਡਲੇਡ ਰੋਡ, ਸਾਊਥਾਲ,
UB2 5PX (OPPOSITE CLIFTON ROAD)

**ਸ਼ੁੱਕਰਵਾਰ ੧੮ ਅਪ੍ਰੈਲ ੨੦੨੫**
ਅਰੰਭ ਸ੍ਰੀ ਅਖੰਡ ਪਾਠ ਸਾਹਿਬ - ਸਵੇਰੇ ੯ ਵਜੇ

**ਸਨਿੱਚਰਵਾਰ ੧੯ ਅਪ੍ਰੈਲ ੨੦੨੫**
ਕੀਰਤਨ ਅਤੇ ਕਥਾ ਦਰਬਾਰ - ਸ਼ਾਮ ੬ ਵਜੇ

**ਐਤਵਾਰ ੨੦ ਅਪ੍ਰੈਲ ੨੦੨੫**
ਭੋਗ ਸ੍ਰੀ ਅਖੰਡ ਪਾਠ ਸਾਹਿਬ - ਸਵੇਰੇ ੯ ਵਜੇ
ਉਪਰੰਤ ਕੀਰਤਨ ਅਤੇ ਕਥਾ ਦਰਬਾਰ

For more information contact 07751 217502, 07864960355

ਲਿਖਾਰੀ ਜਥਾ ਭਿੰਡਰਾਂ
DGNSOUNDS
NIHUNG SANTHIA



ਆਵਾਜ਼ਿ ਕੌਮ AWAZE QAUM International Newspaper & WEB TV

IN LOVING MEMORY- 1ST BARSI

# GIANI PRITAM SINGH JI LIKHARI

DAMDAMI TAKSAL JATHA BHINDRAN



## SRI SEHAJ PAATH BHOG

GURDWARA SRI GURU SINGH SABHA
SOUTHALL, PARK AVENUE, UB1 3AG (HALL 2)

**TUESDAY 15TH APRIL 2025**

SRI SEHAJ PAATH BHOG & KIRTAN - 6-8 PM
(FROM ALL OF GIANI JI'S VIDHIARTHIS)

## SRI AKHAND PAATH SAHIB

GURU AMARDASS HALL,
ADELAIDE ROAD, SOUTHALL, UB2 5PX
(OPPOSITE CLIFTON ROAD)

**FRIDAY 18TH APRIL 2025**

ARAMBH SRI AKHAND PAATH SAHIB - 9 AM

**SATURDAY 19TH APRIL 2025**

KIRTAN & KATHA DARBAR - 6 PM ONWARDS

**SUNDAY 20TH APRIL 2025**

BHOG SRI AKHAND PAATH SAHIB - 9 AM
FOLLOWED BY KIRTAN & KATHA

For more information contact 07751 217502, 07864960355

ਲਿਖਾਰੀ ਜਥਾ ਭਿੰਡਰਾਂ

DGNSOUNDS

NIHUNG SANTHIA


ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਦੇ ਪ੍ਰਕਾਸ਼ ਪੂਰਬ ਦੀਆ
ਸਮੂਹ ਸਾਧ ਸੰਗਤ ਨੂੰ
ਲੱਖ-ਲੱਖ ਵਧਾਈਆਂ
ਜਥੇਦਾਰ ਭੁਪਿੰਦਰ ਸਿੰਘ ਜੀ ਅਸੰਧ
ਪ੍ਰਧਾਨ, ਹਰਿਆਣਾ ਸਿੱਖ ਗੁ: ਮੈਨੇਜਮੈਂਟ ਕਮੇਟੀ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁ: ਪ੍ਰਬੰਧਕ ਕਮੇਟੀ
ਸ੍ਰ. ਅਜੈਬ ਸਿੰਘ ਜੀ, ਨਿਮਨਾਬਾਦ
ਮੈਂਬਰ, ਹਰਿਆਣਾ ਸਿੱਖ ਗੁ: ਮੈਨੇਜਮੈਂਟ ਕਮੇਟੀ
ਬੀਬੀ ਪਰਮਿੰਦਰ ਕੌਰ ਜੀ, ਜੀਂਦ
ਅੰਤ੍ਰਿਗ ਮੈਂਬਰ, ਹਰਿਆਣਾ ਸਿੱਖ ਗੁ: ਮੈਨੇਜਮੈਂਟ ਕਮੇਟੀ
ਜੱਥੇਦਾਰ ਗੁਰਜਿੰਦਰ ਸਿੰਘ ਜੀ
ਜੀਂਦ


॥ ਗੁਰਬਾਣੀ ਕਥਾ ਵਿਚਾਰ ॥
ਗੁਰਦੁਆਰਾ ਸ਼ੀਸ਼ ਗੰਜ ਸਾਹਿਬ ਦਿੱਲੀ
19 ਅਪ੍ਰੈਲ 2025 ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
ਗੁਰਦੁਆਰਾ ਬੰਗਲਾ ਸਾਹਿਬ ਦਿੱਲੀ
20 ਅਪ੍ਰੈਲ 2025 ਐਤਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
Live On PTC ਸਿਮਰਨ
Live On CHARDIKLA TIME TV
ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰਨਗੇ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
/BhaiBaljitSinghDaduwal /Daduwal /Daduwal /DaduwalTV
www.bhaibaljitsinghji.com
98140-15740, 93560-60960

ਸ੍ਰੀ ਸਹਿਜ ਪਾਠ ਸੇਵਾ ਲਹਿਰ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ

ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ
ਦੀ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ

HARYANA SIKH GURDWARA MANAGEMENT COMMITTEE
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

## ॥ ਸਾਧੋ ਗੋਬਿੰਦ ਕੇ ਗੁਨ ਗਾਵਉ ॥

ਸ੍ਰੀ ਸਹਿਜ ਪਾਠ ਆਰੰਭਤਾ ਸਮਾਗਮ ਮਿਤੀ 18 ਅਪ੍ਰੈਲ 2025 (6 ਵੈਸਾਖ ਨਾਨਕਸ਼ਾਹੀ ਸੰਮਤ 557)
ਪ੍ਰਕਾਸ਼ ਪੁਰਬ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਸਮੇਂ ਦਿਨ ਸ਼ੁਕਰਵਾਰ ਨੂੰ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਧਮਤਾਨ ਸਾਹਿਬ (ਜੀਂਦ)
ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂੰਹ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।
ਆਉ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਜਾਂ ਘਰ ਬੈਠ ਕੇ ਬਾਣੀ ਪੜ੍ਹ ਕੇ ਇਸ ਲਹਿਰ ਦਾ ਹਿੱਸਾ ਬਣੀਏ।

350 ਸ਼ਹੀਦੀ ਸ਼ਤਾਬਦੀ

ਆਉ ਸ਼ੁਰੂਆਤ ਕਰੀਏ:
1. 350 ਸ੍ਰੀ ਸਹਿਜ ਪਾਠ ਦੀ ਲੜੀ ਦਾ ਹਿੱਸਾ ਬਣੀਏ
2. 350 ਸ੍ਰੀ ਸੁਖਮਨੀ ਸਾਹਿਬ ਪਾਠ ਕਰੀਏ
3. 350 ਸ੍ਰੀ ਜਪੁਜੀ ਸਾਹਿਬ ਪਾਠ ਕਰੀਏ
4. 350 ਸ੍ਰੀ ਚੌਪਈ ਸਾਹਿਬ ਪਾਠ ਕਰੀਏ
5. 350 ਘੰਟੇ ਸ੍ਰੀ ਵਾਹਿਗੁਰੂ ਗੁਰਮੰਤਰ ਸਿਮਰਨ ਅਭਿਆਸ ਕਰੀਏ

ਜਿਸ ਦੀ ਸੰਪੂਰਨਤਾ ਦੀ ਸਮੂਚੀ ਅਰਦਾਸ 350 ਸਾਲਾ ਸ਼ਹੀਦੀ ਸ਼ਤਾਬਦੀ ਸਮੇਂ ਨਵੰਬਰ ਮਹੀਨੇ 2025 ਗੁਰਦੁਆਰਾ ਧਮਤਾਨ ਸਾਹਿਬ ਵਿਖੇ ਗੁਰੂ ਚਰਨਾ ਵਿੱਚ ਕੀਤੀ ਜਾਵੇਗੀ।
ਬਾਣੀ ਦਾ ਪਾਠ ਕਰਨ ਵਾਲੀਆਂ ਸੰਗਤਾ ਦਾ ਵਿਸ਼ੇਸ਼ ਸਨਮਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਵੱਲੋਂ ਕੀਤਾ ਜਾਵੇਗਾ।
ਸ੍ਰੀ ਸਹਿਜ ਪਾਠ ਕਰਨ ਲਈ ਗੁਰਬਾਣੀ ਪੋਥੀਆਂ ਭੇਟਾ ਰਹਿਤ ਦਿੱਤੀਆ ਜਾਣਗੀਆਂ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

## ਸ੍ਰੀ ਸਹਿਜ ਪਾਠ ਅਤੇ ਹੋਰ ਪਾਠ ਕਰਨ ਲਈ ਇਹਨਾਂ ਨੰਬਰਾ ਤੇ ਸੰਪਰਕ ਕਰਕੇ ਨੋਟ ਕਰਵਾਉ ਜੀ

## ਮੋ: 98029-47712, 99965-54454

ਪ੍ਰਕਾਸ਼ਕ:-
ਆਵਾਜ਼ਿ ਕੌਮ AWAZE QAUM International Newspaper & WEB TV

## ਸਕੱਤਰ ਧਰਮ ਪ੍ਰਚਾਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਜੀ, ਦੀ ਅਗਵਾਈ ਵਿੱਚ

# ਇੰਟਰਨੈਸ਼ਨਲ ਪੰਥਕ ਦਲ ਦੀ ਵਿਸ਼ੇਸ਼ ਮੀਟਿੰਗ

## 23 ਅਪ੍ਰੈਲ 2025, ਦਿਨ ਬੁੱਧਵਾਰ ਦੁਪਹਿਰ 2 ਵਜੇ ਹੋਵੇਗੀ



ਗੁ: ਸੰਤ ਖਾਲਸਾ, ਪਿੰਡ ਰੋਡੇ ਵਿਖੇ ਸਮੂਹ ਔਹਦੇਦਾਰਾਂ ਦਾ ਪਹੁੰਚਣਾ ਜਰੂਰੀ ਹੈ ਜੀ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਇੱਕ ਨਜ਼ਰ ...



## ਗੁੰਨੋਵਾਲ ਦੀ ਪੰਚਾਇਤ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ, ਈ ਟੀ ਓ ਨੇ ਸਿਰੋਪੇ ਦੇ ਕੇ ਕੀਤਾ ਸ਼ਾਮਲ

ਜੰਡਿਆਲਾ ਗੁਰੂ 19 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)- ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਦੇ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਹੋਰ ਬਲ ਮਿਲਿਆ ਜਦੋਂ ਬਲਾਕ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਗੁਨੋਵਾਲ ਦੀ ਸਮੂਹ ਪੰਚਾਇਤ ਸਰਪੰਚ ਪਰਮਜੀਤ ਸਿੰਘ, ਮੈਂਬਰ ਸੁਖਬੀਰ ਕੌਰ, ਮੈਂਬਰ ਹਰਜਿੰਦਰ ਕੌਰ ਤੇ ਗੁਰਦੀਪ ਸਿੰਘ ਮਨਿੰਦਰ ਸਿੰਘ ਆਮ ਆਦਮੀ ਪਾਰਟੀ ਚ ਸ਼ਾਮਿਲ ਹੋ ਗਏ। ਇਸ ਮੌਕੇ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਨਵੇਂ ਆਏ ਪਰਿਵਾਰਿਕ ਮੈਂਬਰਾਂ ਨੂੰ ਸਿਰੋਪੇ ਦੇ ਕੇ ਪਾਰਟੀ ਵਿੱਚ ਆਉਣ ਲਈ ਜੀ ਆਇਆਂ ਕਿਹਾ ਅਤੇ ਭਰੋਸਾ ਦਿੱਤਾ ਕਿ ਤੁਹਾਨੂੰ ਪਾਰਟੀ ਵਿੱਚ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਤੁਹਾਡੀ ਪਾਰਟੀ ਹੈ, ਇਹ ਆਮ ਲੋਕਾਂ ਦੀ ਪਾਰਟੀ ਹੈ ਅਤੇ ਤੁਹਾਡੀ ਬਣਾਈ ਹੋਈ ਸਰਕਾਰ ਤੁਹਾਡੇ ਲੋਕਾਂ ਲਈ ਕੰਮ ਕਰ ਰਹੀ ਹੈ। ਆਓ, ਸਾਰੇ ਮਿਲ ਕੇ ਰਾਜ ਦੇ ਭਲੇ ਲਈ ਕੰਮ ਕਰੀਏ ਅਤੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਈਏ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਸੋਚ ਅਤੇ ਨੀਤੀਆਂ ਸਦਕਾ ਅੱਜ ਰਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਕੰਮ ਹੋ ਰਿਹਾ ਹੈ। ਸਿੱਖਿਆ, ਸਿਹਤ ,ਮੁਫਤ ਬਿਜਲੀ, ਨਸ਼ੇ ਵਿਰੁੱਧ ਯੁੱਧ, ਸਰਕਾਰੀ ਨੌਕਰੀਆਂ, ਕਿਸਾਨਾਂ , ਮਜ਼ਦੂਰਾਂ ਦੀ ਭਲਾਈ ਲਈ ਵਿਸ਼ੇਸ਼ ਨੀਤੀਆਂ ਬਣ ਰਹੀਆਂ ਹਨ। ਉਹਨਾਂ ਕਿਹਾ ਕਿ ਆ ਰਹੇ ਦੋ ਸਾਲਾਂ ਵਿੱਚ ਪੰਜਾਬ ਦੇ ਪਿੰਡਾਂ ਉੱਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਅਤੇ ਪਿੰਡਾਂ ਵਿੱਚ ਸਫਾਈ ਦੇ ਨਾਲ ਨਾਲ ਮੁਢਲੀਆਂ ਸਹੂਲਤਾਂ ਵਿਕਸਿਤ ਕੀਤੀਆਂ ਜਾ ਰਹੀਆਂ ਹਨ ਕੈਬਨਿਟ ਮੰਤਰੀ ਨੇ ਨਵੇਂ ਆਏ ਮੈਂਬਰਾਂ ਨੂੰ ਪਾਰਟੀ ਵਿੱਚ ਹਰ ਤਰ੍ਹਾਂ ਨਾਲ ਮਾਨ ਸਨਮਾਨ ਦੇਣ ਦਾ ਭਰੋਸਾ ਵੀ ਦਿੱਤਾ।

## ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਮਨਾਇਆ ਜ਼ਿੰਬਾਬਵੇ ਦਾ 45ਵਾਂ ਆਜ਼ਾਦੀ ਦਿਹਾੜਾ



ਤਲਵੰਡੀ ਸਾਬੋ, 19 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਦੀ ਪ੍ਰੇਰਣਾ ਤੇ ਡਾ. ਹਰਜਸਪਾਲ ਸਿੰਘ ਡਾਇਰੈਕਟਰ ਕੈਂਪਸ ਦੀ ਦੇਖ ਰੇਖ ਹੇਠ ਡਾਇਰੈਕਟੋਰੇਟ ਆਫ਼ ਯੂਥ ਐਂਡ ਕਲਚਰ ਅਫੇਅਰ ਵੱਲੋਂ ਇੰਟਰਨੈਸ਼ਨਲ ਐਜੂਕੇਸ਼ਨ ਡਿਵੀਜ਼ਨ ਦੇ ਸਹਿਯੋਗ ਨਾਲ ਜ਼ਿੰਬਾਬਵੇ ਦਾ ਆਜ਼ਾਦੀ ਦਿਹਾੜਾ ਬੜੀ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ। ਇਸ ਮੌਕੇ ਸਮਾਰੋਹ ਬਾਰੇ ਜਾਣਕਾਰੀ ਦਿੰਦਿਆਂ ਡਾ. ਕੰਵਲਜੀਤ ਕੌਰ ਡਾਇਰੈਕਟਰ ਯੂਥ ਅਫੇਅਰ ਨੇ ਦੱਸਿਆ ਕਿ ਇਨਸਾਨ ਜਿੰਨ੍ਹੀ ਮਰਜੀ ਤਰੱਕੀ ਕਰ ਲਵੇ ਪਰ ਆਪਣੀ ਮਾਤ ਭੂਮੀ ਪ੍ਰਤੀ ਉਸਦੀ ਸ਼ਰਧਾ ਅਤੇ ਮਿੱਟੀ ਦਾ ਮੋਹ ਹਮੇਸ਼ਾ ਉਸਦੇ ਨਾਲ ਰਹਿੰਦਾ ਹੈ। ਇਸ ਗੱਲ ਨੂੰ ਸੱਚ ਸਾਬਿਤ ਕਰਦਿਆਂ ਗੁਰੂ ਕਾਸ਼ੀ ਯੂਨੀਵਰਸਿਟੀ ਵਿੱਚ ਵਿੱਦਿਆ ਗ੍ਰਹਿਣ ਕਰ ਰਹੇ ਜ਼ਿੰਬਾਬਵੇ ਦੇ ਵਿਦਿਆਰਥੀਆਂ ਵੱਲੋਂ ਆਪਣਾ 45ਵਾਂ ਆਜ਼ਾਦੀ ਦਿਹਾੜਾ ਬੜੇ ਚਾਵਾਂ ਮਲ੍ਹਾਰਾਂ ਨਾਲ ਮਨਾਇਆ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਆਪਣੇ ਦੇਸ਼ ਭਗਤਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ਅਤੇ ਦੇਸ਼ ਵਾਸੀਆਂ ਦੀ ਚੜ੍ਹਦੀ ਕਲਾ ਵਿੱਚ ਰਹਿਣ ਦੀ ਕਾਮਨਾ ਕੀਤੀ ਗਈ। ਡਾ. ਵਿਕਾਸ ਗੁਪਤਾ ਡਾਇਰੈਕਟਰ ਇੰਟਰਨੈਸ਼ਨਲ ਐਜੂਕੇਸ਼ਨ ਡਿਵੀਜ਼ਨ ਨੇ ਦੱਸਿਆ ਕਿ ਇਸ ਮੌਕੇ ਜੀ.ਕੇ.ਯੂ ਵਿਖੇ ਸਿੱਖਿਆ ਗ੍ਰਹਿਣ ਕਰ ਰਹੇ ਜ਼ਿੰਬਾਬਵੇ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਫੈਸ਼ਨ ਸ਼ੋਅ, ਗੀਤ ਸੰਗੀਤ ਦੇ ਮੁਕਾਬਲੇ ਅਤੇ ਕਵਿਤਾ ਉਚਾਰਨ ਆਦਿ ਪ੍ਰਤੀਯੋਗਿਤਾਵਾਂ ਦਾ ਆਯੋਜਨ ਕੀਤਾ ਗਿਆ। ਆਯੋਜਕਾਂ ਵੱਲੋਂ ਜੇਤੂਆਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਡਾ. ਗੁਪਤਾ ਨੇ ਕਿਹਾ ਕਿ ਆਪਣੇ ਸੱਭਿਆਚਾਰ ਅਤੇ ਅਮੀਰ ਵਿਰਸੇ ਨਾਲ ਜੁੜੇ ਰਹਿਣਾ ਸਿੱਖਿਅਤ ਵਿਦਿਆਰਥੀਆਂ ਦਾ ਵਿਸ਼ੇਸ਼ ਗੁਣ ਹੈ।

## ਫ਼ੋਰਮ ਆਫ਼ ਰਿਟਾਇਰਡ ਡਿਪਲੋਮਾ ਇੰਜੀਨੀਅਰਜ ਪੰਜਾਬ ਦਾ ਵਫ਼ਦ ਆਪਣੁਆਂ ਮੰਗਾਂ ਸਬੰਧੀ ਕੁੰਵਰ ਵਿਜੇ ਪ੍ਰਤਾਪ ਸਿੰਘ ਐਮ ਐਲ ਏ ਮਿਲਿਆ

ਚੌਕ ਮਹਿਤਾ, 19 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)- ਫ਼ੋਰਮ ਆਫ਼ ਰਿਟਾਇਰਡ ਡਿਪਲੋਮਾ



ਇੰਜੀਨੀਅਰਜ (ਪੰਜਾਬ) ਦੇ ਇੰਜ.ਹਰਦੇਵ ਸਿੰਘ ਕਾਹਲੋਂ ਜੀ ਦੇ ਸੁਹਿਰਦ ਯਤਨਾਂ ਸਦਕਾ ਮਾਨਯੋਗ ਐਮ.ਐਲ.ਏ. ਕੁੰਵਰ ਵਿਜੇ ਪ੍ਰਤਾਪ ਸਿੰਘ ਜੀ ਨਾਲ ਉਹਨਾਂ ਦੇ ਗ੍ਰਹਿ ਵਿਖੇ ਬੜੇ ਸਦਭਾਵਨਾ ਵਾਲੇ ਮਹੌਲ ਵਿੱਚ ਫ਼ੋਰਮ ਦੇ ਅਹੁਦੇਦਾਰਾਂ ਨਾਲ ਮੀਟਿੰਗ ਹੋਈ,ਇਸ ਮੌਕੇ ਅੰਮ੍ਰਿਤਸਰ /ਤਰਨ ਤਾਰਨ ਜ਼ੋਨ ਦੇ ਮੈਂਬਰਾਂ ਦੀ ਅਗਵਾਈ ਇੰਜ ਦਲਜੀਤ ਸਿੰਘ ਕੋਹਲੀ ਪ੍ਰਧਾਨ ਫੋਰਮ ਆਫ ਰਟਾਇਰਡ ਡਿਪਲੋਮਾ ਇੰਜੀਨੀਅਰਜ ਨੇ ਕੀਤੀ। ਐਮ.ਐਲ.ਏ ਸਾਹਿਬ ਵੱਲੋਂ ਫ਼ੋਰਮ ਦੇ ਵਫ਼ਦ ਦੀਆਂ ਮੰਗਾਂ ਨੂੰ ਬੜੇ ਗਹੁ ਨਾਲ ਸੁਣਿਆਂ ਅਤੇ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਫ਼ੋਰਮ ਵਲੋਂ ਪੇਸ਼ ਇਹਨਾਂ ਪ੍ਰਸਤਾਵਿਤ ਮੰਗਾਂ ਦੀ ਪੂਰਨ ਹਮਾਇਤ ਕਰਦੇ ਹਨ ਅਤੇ ਸਰਕਾਰ ਕੋਲ ਵਿਧਾਨ ਸਭਾ ਵਿਚ ਇਹ ਮੁੱਦਾ ਪੂਰੇ ਜ਼ੋਰ ਨਾਲ ਉਠਾਉਣਗੇ ਇਸ ਮੋਕੇ ਐਮ.ਐਲ.ਏ. ਸਾਹਿਬ ਵੱਲੋਂ ਵਫ਼ਦ ਨਾਲ ਚਾਹ ਦੇ ਕੱਪ ਦੀ ਸਾਂਝ ਵੀ ਪਾਈ ਡੈਪੂਟੇਸ਼ਨ ਵਿੱਚ ਮਹਿਕਮਾ ਜਲ ਸਰੋਤ ਦੇ ਇੰਜ. ਸ਼ਮਸ਼ੇਰ ਸਿੰਘ ਜੋਸ਼ਨ ਸੀਨੀਅਰ ਮੀਤ ਪ੍ਰਧਾਨ, ਇੰਜ ਹਰਦੇਵ ਸਿੰਘ ,ਇੰਜ ਗੁਰਮੀਤ ਸਿੰਘ ,ਇੰਜ. ਹਰਜੀਤ ਸਿੰਘ,ਮਹਿਕਮਾਮੰਡੀ ਬੋਰਡ ਤੋਂ ਇੰਜ.ਰਮਨ ਸ਼ਰਮਾ ਸੀਨੀਅਰ ਮੀਤ ਪ੍ਰਧਾਨ ,ਇੰਜ ਅਸ਼ੋਕ ਕੁਮਾਰ , ਇੰਜ ਹਰਦੇਵ ਸਿੰਘ ਕਾਹਲੋਂ,ਇੰਜ ਪ੍ਰਮਿੰਦਰਜੀਤ ਸਿੰਘ ,ਇੰਜ ਹਰਜੀਤ ਸਿੰਘ ,ਇੰਜ.ਕੁਲਦੀਪ ਸਿੰਘ ਬੋਪਾਰਾਏ ਅਤੇ ਇੰਜ ਨਵਤੇਜ ਸਿੰਘ ਮਹਿਕਮਾ ਲੋ.ਨਿ.ਵਿ. ਵਲੋ ਸ਼ਾਮਿਲ ਹੋਏ ਵਫ਼ਦ ਵਲੋਂ ਵਿਧਾਇਕ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਸਿੱਖ ਨੌਜਵਾਨਾਂ ਨਾਲ ਹੋ ਰਹੀਆਂ ਧੱਕੇਸ਼ਾਹੀਆ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ: ਚੇਅਰਮੈਨ ਭੋਮਾ





ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਵੱਲੋ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਸਿੱਖ ਨੌਜਵਾਨ ਪ੍ਰਿੰਸਪਾਲ ਸਿੰਘ ਨਾਲ ਹੋਈ ਧੱਕੇਸ਼ਾਹੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਅਤੇ ਸਿੱਖ ਨੌਜਵਾਨ ਨੂੰ ਇਨਸਾਫ਼ ਦਵਾਉਣ ਦਾ ਭਰੋਸਾ ਦਿਵਾਇਆ।ਉਹਨਾਂ ਕਿਹਾ ਕਿ ਕਾਲਜ ਵੱਲੋ ਸਿੱਖ ਨੌਜਵਾਨ ਪ੍ਰਿੰਸਪਾਲ ਸਿੰਘ ਜੋਂ 90,90 ਪ੍ਰਤੀਸ਼ਤ ਨੰਬਰ ਲੈ ਕੇ ਹਰ ਸਾਲ ਪਾਸ ਹੁੰਦਾ ਆਇਆ ਹੈ ਉਸ ਨੂੰ ਇਸ ਲਈ ਫੇਲ ਕਰ ਦਿੱਤਾ ਜਾਂਦਾ ਹੈ ਕਿ ਉਹ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦਾ ਹਿੱਸਾ ਬਣਿਆ ਹੈ ਤੇ ਅਮਰ ਸ਼ਹੀਦ ਭਾਈ ਅਮਰੀਕ ਸਿੰਘ ਦੀ ਸਪੁੱਤਰੀ ਨੇ ਉਸ ਨੂੰ ਸਿਰਪਾਓ ਦਿੱਤਾ ਜਦੋਂ ਪ੍ਰਿੰਸਪਾਲ ਸਿੰਘ ਨੇ ਇਸ ਬਾਰੇ ਕਾਲਜ ਮੈਨੇਜਮੈਂਟ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਤੂੰ ਅਤੇ ਤੇਰਾ ਮਾਂ ਪਿਓ ਲਿਖਤੀ ਰੂਪ ਵਿੱਚ ਅਰਜ਼ੀ ਦੇਣ ਕਿ ਸਾਡਾ ਮੁੰਡਾ ਗਲਤ ਜਥੇਬੰਦੀਆਂ ਦਾ ਹਿੱਸਾ ਬਣ ਗਿਆ ਸੀ ਜੋ ਪੰਜਾਬ ਲਈ ਘਾਤਕ ਹਨ। ਇਸ ਤੋਂ ਬਾਅਦ ਤੈਨੂੰ ਪਾਸ ਕਰ ਦਿੱਤਾ ਜਾਵੇਗਾ ਭੋਮਾ ਨੇ ਕਿਹਾ ਕਿ ਇਸ ਤੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਸਿੱਖਾਂ ਦੀ ਨਸਲਕੁਸ਼ੀ ਕਿਸ ਹੱਦ ਤੱਕ ਕੀਤੀ ਜਾ ਰਹੀ ਹੈ। ਬਾਰ ਬਾਰ ਸਿੱਖ ਨੌਜਵਾਨਾਂ ਅਤੇ ਸਿੱਖ ਧਾਰਮਿਕ ਜਥੇਬੰਦੀਆਂ ਨੂੰ ਜਾਣ ਬੁੱਝ ਕੇ ਨਿਸ਼ਾਨਾ ਬਣਾਇਆ ਜਾਂਦਾ ਹੈ। ਜਦੋਂ ਸਿੱਖ ਨੌਜਵਾਨ ਜਾਂ ਜਥੇਬੰਦੀਆਂ ਇਹਨਾਂ ਗਤੀਵਿਧੀਆਂ ਦਾ ਵਿਰੋਧ ਕਰਦੇ ਹਨ ਤਾਂ ਫਿਰ ਇਹ ਕਹਿੰਦੇ ਹਨ ਕਿ ਇਹ ਪੰਜਾਬ ਦਾ ਮਾਹੌਲ ਖਰਾਬ ਕਰਦੇ ਹਨ ਤਾਂ ਝੂਠੀਆਂ ਐਨਐਸਏ (NSA) ਵਰਗੀਆਂ ਧਰਾਵਾਂ ਲਗਾ ਕੇ ਸਿੱਖ ਨੌਜਵਾਨਾਂ ਨੂੰ ਪੰਜਾਬੋ ਬਾਹਰ ਜੇਲਾਂ ਵਿੱਚ ਸੁੱਟਿਆ ਜਾਂਦਾ ਹੈ। ਉਹਨਾਂ ਕਾਲਜ ਦੀ ਮੈਨੇਜਮੈਂਟ ਨੂੰ ਅਪੀਲ ਕੀਤੀ ਹੈ ਕਿ ਜਲਦੀ ਤੋਂ ਜਲਦੀ ਇਸ ਮਸਲੇ ਦਾ ਹੱਲ ਕਰਕੇ ਪ੍ਰਿੰਸਪਾਲ ਸਿੰਘ ਨੂੰ ਜਾਣ ਬੁਝ ਕੇ ਫੇਲ ਕਰਨ ਵਾਲੇ ਪ੍ਰੋਫੈਸਰ ਨੂੰ ਸਸਪੈਂਡ ਕੀਤਾ ਜਾਵੇ ਨਹੀਂ ਤਾਂ ਕਾਲਜ ਪ੍ਰਸ਼ਾਸਨ ਸਿੱਖ ਜਥੇਬੰਦੀਆਂ ਦੇ ਰੋਸ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ।

# ਵਿਦਿਆਰਥੀਆਂ ਨੂੰ ਚੰਗੀ ਸਿੱਖਿਆ ਮੁਹੱਈਆ ਕਰਵਾਉਣਾ ਸਰਕਾਰ ਦੀ ਮੁੱਖ ਤਰਜੀਹ: ਬਲਜਿੰਦਰ ਕੌਰ



ਤਲਵੰਡੀ ਸਾਬੋ, 19 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜ ਰਹੀ ਹੈ ਤਾਂ ਜੋ ਉਹ ਚੰਗੀ ਮੁਹਾਰਤ ਹਾਸਲ ਕਰਕੇ ਵਿਦਿਆਰਥੀਆਂ ਨੂੰ ਵਧੀਆਂ ਸਿੱਖਿਆ ਮੁਹੱਈਆ ਕਰਵਾ ਸਕਣ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਤਲਵੰਡੀ ਸਾਬੋ ਤੇ ਚੀਫ਼ ਵਿਪ ਪ੍ਰੋ. ਬਲਜਿੰਦਰ ਕੌਰ ਨੇ ਪਿੰਡ ਰਤਨਗੜ੍ਹ ਕਣਕਵਾਲ ਵਿਖੇ ਸਰਕਾਰੀ ਮਿਡਲ ਸਕੂਲ ਵਿਖੇ ਸਿੱਖਿਆ ਕ੍ਰਾਂਤੀ ਦੇ ਮੱਦੇਨਜ਼ਰ ਕਰਵਾਏ ਗਏ ਸਮਾਗਮ ਦੌਰਾਨ ਸੰਬੋਧਨ ਕਰਦਿਆ ਕੀਤਾ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ "ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ" ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਲਈ ਇਤਿਹਾਸਿਕ ਫੈਸਲੇ ਲੈਂਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਇਸ ਦੌਰਾਨ ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਵਿਸ਼ੇਸ਼ ਉਪਰਾਲੇ ਕਰ ਰਹੀ ਹੈ, ਜਿਸ ਦੇ ਅਧੀਨ ਨੌਜਵਾਨਾਂ ਲਈ ਪਿੰਡਾ/ਸ਼ਹਿਰਾਂ ਅੰਦਰ ਖੇਡ ਗਰਾਊਡ ਬਣਾਏ ਜਾ ਰਹੇ ਹਨ ਤਾਂ ਜੋ ਪੰਜਾਬ ਦੀ ਜਵਾਨੀ ਨਸ਼ੇ ਦੀ ਭੈੜੀ ਅਲਾਮਤ ਤੋਂ ਦੂਰ ਰਹਿ ਸਕੇ। ਇਸ ਮੌਕੇ ਵਿਧਾਇਕ ਪ੍ਰੋ ਬਲਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਖਤ ਤੋਂ ਸਖਤ ਮਿਹਨਤ ਕਰਨ ਤਾਂ ਮਿੱਥੇ ਟੀਚੇ ਨੂੰ ਸਰ ਕਰ ਸਕਣ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰ ਸਕਣ। ਇਸ ਮੌਕੇ ਉਹਨਾਂ ਜ਼ਿਲ੍ਹੇ ਦੇ ਪਿੰਡ ਸੰਗਤ ਖ਼ੁਰਦ, ਤਿਉਣਾ ਪੁਜਾਰੀਆਂ, ਗਿਆਨਾ ਅਤੇ ਜੋਗੇਵਾਲਾ ਵਿਖੇ ਸਰਕਾਰੀ ਸਕੂਲਾਂ 'ਚ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਸਕੂਲ ਦਾ ਸਮੂਹ ਸਟਾਫ, ਵਿਦਿਆਰਥੀ, ਪਰਮਜੀਤ ਸਿੰਘ ਸੈਂਟਰ ਹੈੱਡ ਟੀਚਰ ਜਗਾ ਰਾਮ ਤੀਰਥ, ਹਰਸ਼ਰਨ ਸਿੰਘ ਦਾਦੂ ਤੇ ਉਨ੍ਹਾਂ ਦੇ ਮਾਪੇ ਅਤੇ ਪਿੰਡ ਦੀ ਪੰਚਾਇਤ ਅਤੇ ਹੋਰ ਪ੍ਰਮੁੱਖ ਸ਼ਖ਼ਸ਼ੀਅਤਾਂ ਆਦਿ ਹਾਜ਼ਰ ਸਨ।

# ਅੰਮ੍ਰਿਤਪਾਲ ਸਿੰਘ ਦੀ ਐਨ.ਐਸ.ਏ ਵਿਚ ਇਕ ਸਾਲ ਦਾ ਹੋਰ ਵਾਧਾ ਕਰਨਾ ਸੈਂਟਰ ਅਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀ ਮੰਦਭਾਵਨਾ : ਮਾਨ



ਨਵੀਂ ਦਿੱਲੀ, 19 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- "ਜੋ ਬੀਤੇ 2 ਸਾਲ ਪਹਿਲੇ ਅਜਨਾਲਾ ਵਿਖੇ ਖਾਲਸਾ ਵਹੀਰ ਦੇ ਮਿਸਨ ਅਧੀਨ ਪੰਜਾਬ ਦੇ ਪਿੰਡਾਂ, ਸ਼ਹਿਰਾਂ ਵਿਚ ਅੰਮ੍ਰਿਤ ਸੰਚਾਰ ਦੀ ਸੇਵਾ ਕਰਦੇ ਹੋਏ ਜੋ ਪੁਲਿਸ ਨਾਲ ਝਪਟ ਹੋਈ ਸੀ, ਉਸ ਨੂੰ ਮੁੱਖ ਰੱਖਕੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋ ਜੋ ਕਾਨੂੰਨੀ ਪ੍ਰਕਿਰਿਆ ਬਣਦੀ ਸੀ, ਉਹ ਕੋਈ ਵੱਡਾ ਕੇਸ ਨਹੀ ਸੀ ਬਣਦਾ । ਲੇਕਿਨ ਸੈਂਟਰ ਦੀ ਮੋਦੀ-ਸ਼ਾਹ ਹਕੂਮਤ ਦੀ ਸਹਿ ਉਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਬਿਨ੍ਹਾਂ ਕਿਸੇ ਆਧਾਰ ਤੇ ਸ. ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ 10 ਸਾਥੀਆ ਉਤੇ ਮੰਦਭਾਵਨਾ ਅਧੀਨ ਐਨ.ਐਸ.ਏ ਦਾ ਕੇਸ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫਤਾਰ ਕਰਦੇ ਹੋਏ ਪੰਜਾਬ ਸੂਬੇ ਤੋ ਬਾਹਰ ਹਜਾਰੋ ਕਿਲੋਮੀਟਰ ਦੂਰ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਜ਼ਬਰੀ ਬੰਦੀ ਬਣਾ ਦਿੱਤਾ ਸੀ । ਜਿਸਦਾ ਉਸ ਸਮੇ ਵੀ ਸਮੁੱਚੀ ਸਿੱਖ ਕੌਮ ਅਤੇ ਮਨੁੱਖੀ ਅਧਿਕਾਰ ਸੰਗਠਨਾਂ ਵੱਲੋ ਜੋਰਦਾਰ ਵਿਰੋਧ ਹੋਇਆ ਸੀ । ਲੇਕਿਨ ਜਦੋ ਅੱਜ 2 ਸਾਲ ਦੀ ਐਨ.ਐਸ.ਏ ਬੰਦੀ ਰਹਿਣ ਤੋ ਬਾਅਦ ਸ. ਅੰਮ੍ਰਿਤਪਾਲ ਸਿੰਘ ਤੇ ਉਸਦੇ ਸਾਥੀਆ ਦੀ ਇਕ ਸਾਲ ਲਈ ਹੋਰ ਐਨ.ਐਸ.ਏ. ਨੂੰ ਵਧਾਉਣ ਦੇ ਕੀਤੇ ਗਏ ਅਮਲ ਮੋਦੀ-ਸ਼ਾਹ ਹਕੂਮਤ ਅਤੇ ਪੰਜਾਬ ਦੀ ਆਮ ਆਦਮੀ ਸਰਕਾਰ ਦੀ ਮਿਲੀਭੁਗਤ ਹੋਣ ਅਤੇ ਸਿਆਸੀ ਤੌਰ ਤੇ ਕੀਤੇ ਗਏ ਗੈਰ ਕਾਨੂੰਨੀ ਅਮਲ ਦੀ ਜਿੰਨੀ ਵੀ ਨਿਖੇਧੀ ਕੀਤੀ ਜਾਵੇ ਉਹ ਥੋੜੀ ਹੈ । ਕਿਉਂਕਿ ਲੋਕਾਂ ਵਿਚ ਵਿਚਰਣ ਵਾਲੇ ਸਿਆਸਤਦਾਨਾਂ ਨੂੰ ਸਰਕਾਰਾਂ ਕਿਸ ਤਰ੍ਹਾਂ ਝੂਠੇ ਕੇਸਾਂ ਵਿਚ ਫਸਾਕੇ ਜ਼ਬਰੀ ਲੰਮਾਂ ਸਮਾਂ ਬੰਦੀ ਬਣਾ ਰੱਖਣਾ ਗੈਰ ਕਾਨੂੰਨੀ ਅਤੇ ਗੈਰ ਸਮਾਜਿਕ ਅਮਲ ਹਨ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ. ਅੰਮ੍ਰਿਤਪਾਲ ਸਿੰਘ ਬੰਦੀ ਡਿਬਰੂਗੜ੍ਹ ਜੇਲ ਉਤੇ 2 ਸਾਲਾਂ ਤੋ ਚੱਲਦੇ ਆ ਰਹੇ ਐਨ.ਐਸ.ਏ ਦੇ ਕੇਸ ਦਾ ਸਮਾਂ ਖਤਮ ਹੋਣ ਤੋ ਪਹਿਲਾ ਹੀ ਇਕ ਸਾਲ ਹੋਰ ਐਨ.ਐਸ.ਏ ਦਾ ਜਾਬਰ ਕੇਸ ਦਾ ਸਮਾਂ ਵਧਾ ਦੇਣ ਦੇ ਸਰਕਾਰੀ ਪੰਜਾਬ ਸੂਬੇ ਤੇ ਸਿੱਖ ਵਿਰੋਧੀ ਅਮਲਾਂ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਅਤੇ ਪੰਜਾਬ ਸਰਕਾਰ ਵੱਲੋ ਪੰਜਾਬ ਦੇ ਮਾਹੌਲ ਨੂੰ ਜਮਹੂਰੀਅਤ ਪੱਖੀ ਰੱਖਣ ਦੀ ਬਜਾਏ ਹੋਰ ਵਿਸਫੋਟਕ ਬਣਾਉਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਇਹ ਬਹੁਤ ਦੁੱਖ ਦੀ ਗੱਲ ਹੈ ਕਿ ਜੋ ਵੀ ਸਰਕਾਰਾਂ ਪੰਜਾਬ ਵਿਚ ਆਉਦੀਆ ਹਨ, ਉਨ੍ਹਾਂ ਨੇ ਕਦੀ ਵੀ ਆਜਾਦਆਨਾ, ਨਿਰਭੈਤਾ ਤੇ ਦ੍ਰਿੜਤਾ ਨਾਲ ਪੰਜਾਬ ਪੱਖੀ ਫੈਸਲੇ ਨਾ ਲੈਕੇ ਸੈਂਟਰ ਦੇ ਮੁਤੱਸਵੀ ਹੁਕਮਰਾਨਾਂ ਦੀਆਂ ਹਦਾਇਤਾ ਉਤੇ ਗਲਤ ਫੈਸਲੇ ਤੇ ਅਮਲ ਕਰਦੇ ਰਹੇ ਹਨ । ਇਹੀ ਵਜਹ ਹੈ ਕਿ ਪੰਜਾਬ ਸੂਬਾ ਜੋ ਕਿਸੇ ਸਮੇ ਸਭ ਤੋ ਅੱਗੇ ਅਤੇ ਪਹਿਲੇ ਨੰਬਰ ਦਾ ਸੂਬਾ ਸੀ, ਉਹ ਅੱਜ ਮਾਲੀ, ਸਮਾਜਿਕ, ਭੂਗੋਲਿਕ, ਇਖਲਾਕੀ ਤੌਰ ਤੇ ਬਹੁਤ ਨਿਘਾਰ ਵੱਲ ਜਾ ਚੁੱਕਾ ਹੈ । ਕਿਉਂਕਿ ਲੰਮੇ ਸਮੇ ਤੋ ਪੰਜਾਬ ਉਤੇ ਰਾਜ ਕਰਨ ਵਾਲੀਆ ਸਰਕਾਰਾਂ ਸੈਂਟਰ ਦੀਆਂ ਸਰਕਾਰਾਂ ਤੋ ਆਦੇਸ ਲੈਕੇ ਜਾਂ ਆਪਣੇ ਸੈਂਟਰ ਦੇ ਸਿਆਸੀ ਅਕਾਵਾ ਤੋ ਹੁਕਮ ਲੈਕੇ ਕੰਮ ਕਰਦੀਆ ਆ ਰਹੀਆ ਹਨ । ਜਦੋਕਿ ਚਾਹੀਦਾ ਇਹ ਹੈ ਕਿ ਪੰਜਾਬ ਸੂਬੇ ਤੇ ਪੰਜਾਬ ਨਿਵਾਸੀਆ ਦੀ ਬਿਹਤਰੀ ਲਈ ਜੋ ਅਮਲ ਹੋਣੇ ਚਾਹੀਦੇ ਹਨ, ਉਸ ਉਤੇ ਸਟੈਂਡ ਲੈਕੇ ਖੁਦ ਪੰਜਾਬ ਦੀਆਂ ਸਰਕਾਰਾਂ ਆਪਣੇ ਫੈਸਲੇ ਖੁਦ ਕਰਨ । ਜੋ ਅੰਮ੍ਰਿਤਸਰ ਵਿਖੇ ਅੱਜ ਤੋ 2 ਸਾਲ ਪਹਿਲੇ ਸ. ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਸਾਥੀਆ ਤੇ ਉਪਰੋਕਤ ਐਨ.ਐਸ.ਏ ਦੇ ਕੇਸ ਦਰਜ ਕੀਤੇ ਗਏ ਸਨ, ਇਹ ਮੁਤੱਸਵੀ ਸੈਂਟਰ ਦੇ ਹੁਕਮਰਾਨਾਂ ਅਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਕੇਜਰੀਵਾਲ ਦੀ ਬੀਜੇਪੀ ਆਰ.ਐਸ.ਐਸ ਨਾਲ ਸਾਂਝ ਦਾ ਨਤੀਜਾ ਹੀ ਸੀ ਅਤੇ ਹੁਣ ਵੀ ਜੋ ਸਮਾਂ ਵਧਾਇਆ ਗਿਆ ਹੈ, ਇਹ ਪੰਜਾਬ ਤੇ ਸਿੱਖ ਵਿਰੋਧੀ ਸੋਚ ਹੈ ।

# ਕੈਬਨਿਟ ਮੰਤਰੀ ਈਟੀਓ ਨੇ ਤਰਸਿੱਕਾ ਦੀ ਦਾਣਾ ਮੰਡੀ ਦਾ ਲਿਆ ਜਾਇਜ਼ਾ

ਚੌਕ ਮਹਿਤਾ, 19 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)' ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਪਿੰਡ ਤਰਸਿੱਕਾ ਦੀ ਦਾਣਾ ਮੰਡੀ ਦਾ ਨਿਰੀਖਣ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕਿਸੇ ਕਿਸਮ ਦੀ ਕੋਈ ਸਮੱਸਿਆ ਪੇਸ਼ ਨਾ ਆਉਣ ਦਿੱਤੀ ਜਾਵੇ। ਕਿਸਾਨਾਂ ਅਤੇ ਆੜ੍ਹਤੀਆਂ ਦੀਆਂ ਦੀਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਜਲਦੀ ਹੀ ਨਵੇਂ ਸ਼ੈਡ ਤਿਆਰ ਕਰਨ ਲਈ ਗ੍ਰਾਂਟਾਂ ਜਾਰੀ ਕਰਨ ਦਾ ਐਲਾਨ ਕੀਤਾ ਅਤੇ ਵੱਖ ਸਰਕਾਰੀ ਏਜੰਸੀਆਂ ਵਲੋਂ ਖਰੀਦ ਸ਼ੁਰੂ ਕੀਤੀ ਗਈ ਅਤੇ ਕਿਸਾਨਾਂ ਨੂੰ ਕਣਕ ਦੇ ਪੈਸਿਆਂ ਦੀ ਅਦਾਇਗੀ 24 ਘੰਟਿਆਂ ਦੇ ਅੰਦਰ ਕਰਨ ਲਈ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ।ਇਸ ਮੌਕੇ ਛਨਾਖ ਸਿੰਘ ਚੈਅਰਮੈਨ ਪੰਜਾਬ ਮੰਡੀ ਬੋਰਡ ਗਹਿਰੀ ਮੰਡੀ, ਸਤਿੰਦਰ ਸਿੰਘ , ਜਗਦੀਪ ਸਿੰਘ ਸਰਪੰਚ ਤਰਸਿੱਕਾ, ਜਰਮਨਜੀਤ ਸਿੰਘ ਸਰਪੰਚ ਕਰਤਾਰ ਨਗਰ ਤਰਸਿੱਕਾ, ਇੰਜ:ਬਲਰਾਜ ਸਿੰਘ ਬਲਾਕ ਪ੍ਰਧਾਨ ਤਰਸਿੱਕਾ, ਗੁਰਮੁਖ ਸਿੰਘ ਸਰਪੰਚ ਸਰਜਾ, ਦਵਿੰਦਰ ਸਿੰਘ ਸਰਪੰਚ ਜੱਬੋਵਾਲ, ਬਾਬਾ ਬਲਵੰਤ ਸਿੰਘ ਤਰਸਿੱਕਾ ,ਕੁਲਬੀਰ ਸਿੰਘ ਸਾਬਕਾ ਸਰਪੰਚ ਤਰਸਿੱਕਾ,ਸੁਖਵਿੰਦਰ ਸਿੰਘ ਰਾਜ, ਸੁਖਵਿੰਦਰ ਸਿੰਘ ਮਨੀ, ਬਲਕਾਰ ਸਿੰਘ ਆਦਿ ਹਾਜ਼ਰ ਸਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਪ੍ਰਕਾਸ਼ ਪੁਰਬ

ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**26 ਅਪ੍ਰੈਲ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ**

27 ਅਪ੍ਰੈਲ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।



ਗਿਆਨੀ ਜੋਧਾ ਸਿੰਘ ਵਿਦਿਆਰਥੀ ਦਮਦਮੀ ਟਕਸਾਲ ਵਾਲੇ

ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹੰਚ ਰਹੇ ਕਥਾ ਵਾਚਕ ਗਿਆਨੀ ਜੋਧਾਂ ਸਿੰਘ ਦਮਦਮੀ ਟਕਸਾਲ ਮੁੰਡਾ ਪਿੰਡ ਵਾਲੇ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ✶ ਗੁਰੂ ਪੰਥ ਦੇ ਦਾਸਰੇ ✶

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਇੱਕ ਨਜ਼ਰ ...



## ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ ਅਤੇ ਹੋਸ਼ਿਆਰਪੁਰ ਦੇ ਰਾਈਸ ਮਿੱਲਰਜ਼ ਦੀ ਬੈਠਕ, ਕਈ ਮੱਤੇ ਕੀਤੇ ਗਏ ਪਾਸ

ਚੌਕ ਮਹਿਤਾ, 19 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ ) – ਜ਼ਿਲ੍ਹਾਂ ਅੰਮ੍ਰਿਤਸਰ, ਤਰਨਤਾਰਨ ,ਗੁਰਦਾਸਪੁਰ ਅਤੇ ਹੋਸ਼ਿਆਰਪੁਰ ਦੇ ਸਮੂੰਹ ਰਾਈਸ ਮਿੱਲਰਜ ਦੀ ਇੱਕ ਸਾਂਝੀ ਮੀਟਿੰਗ ਰਜਿੰਦਰ ਸਲਵਾਨ ਪ੍ਰਧਾਨ ਅੰਮ੍ਰਿਤਸਰ ਰਾਈਸ ਮਿੱਲਰਜ ਐਸੋਸੀਏਸ਼ਨ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸਰਵਸੰਮਤੀ ਨਾਲ ਕਈ ਮਤੇ ਪਾਸ ਕੀਤੇ ਗਏ ਮੀਟਿੰਗ ਵਿੱਚ ਜਿਮੀਂਦਾਰ ਭਰਾਵਾਂ ਨੂੰ ਅਪੀਲ ਕੀਤੀ ਕਿ ਪੈਡੀ ਸੀਜ਼ਨ 2025–2026 ਦੌਰਾਨ ਹਾਈ–ਬਰਿਡ ਝੋਣੇ ਦੀ ਬਿਜਾਈ ਬਿਲਕੁੱਲ੍ਹ ਨਾਂ ਕੀਤੀ ਜਾਵੇ ਕਿਉਂਕਿ ਹਾਈ–ਬਰਿਡ ਝੋਣਾ ਕੋਈ ਵੀ ਰਾਈਸ ਮਿੱਲਰਜ਼ ਅਪਣੀ ਰਾਈਸ ਮਿਲ ਵਿੱਚ ਸਟੋਰ ਨਹੀਂ ਕਰੇਗਾ ਇਸ ਲਈ ਸਰਕਾਰ ਦੁਆਰਾ ਮਨਜ਼ੂਰ–ਸ਼ੁਦਾ ਝੋਣੇ ਦੀ ਹੀ ਬਿਜਾਈ ਕੀਤੀ ਜਾਵੇ ਤਾਂ ਜੋ ਕਿਸਾਨ ਭਰਾਵਾਂ ਦਾ ਕੋਈ ਨੁਕਸਾਨ ਨਾਂ ਹੋਵੇ ।ਮੀਟਿੰਗ ਵਿੱਚ ਸਰਕਾਰ ਨੂੰ ਵੀ ਅਪੀਲ ਕੀਤੀ ਗਈ ਕਿ ਪੈਡੀ ਸੀਜ਼ਨ 2025–26 ਦੌਰਾਨ ਰਾਈਸ ਮਿੱਲਰਜ਼ ਦੀ ਕਪੈਸਿਟੀ ਮੁਤਾਬਿਕ ਪੈਡੀ ਸਟੋਰ ਕਰਨ ਉਪਰੰਤ ਹੀ ਵਾਧੂ ਪੈਡੀ ਦੇ ਆਰ.ਓ ਕਟੇ ਜਾਣ ਕਿਉਂਕਿ ਆਰ.ਓ ਦੀ ਪੈਡੀ ਤੋਂ ਬਣਾਏ ਚਾਵਲ ਫਿਰ ਵਾਪਸ ਆਕੇ ਉਥੇ ਹੀ ਸਟੋਰ ਹੁੰਦੇ ਹਨ ਇਸ ਤਰ੍ਹਾਂ ਕਰਕੇ ਸਰਕਾਰ ਨੂੰ ਆਰ.ਓ ਦੀ ਪੈਡੀ ਭੇਜਣ ਤੇ ਅਤੇ ਚਾਵਲ ਵਾਪਸ ਲਿਆਉਣ ਤੇ ਟਰਾਂਸਪੋਰਟੇਸ਼ਨ ਦਾ ਵੱਡਾ ਵਿੱਤੀ ਨੁਕਸਾਨ ਹੋ ਰਿਹਾ ਹੈ ।ਇਸ ਮੌਕੇ ਰਜਿੰਦਰ ਸਲਵਾਨ ਜਿਲ੍ਹਾਂ ਪ੍ਰਧਾਨ ਅੰਮ੍ਰਿਤਸਰ,ਵਿਨੋਦ ਚੱਢਾ,ਸੁਰਜੀਤ ਸਿੰਘ ਕੰਗ,ਸੰਜੀਵ ਕੁਮਾਰ ਭੰਡਾਰੀ,ਵਿਨੋਦ ਕੁਮਾਰ ਗੁਜਰਾਲ,ਸੁਰਿੰਦਰ ਸ਼ਾਹ, ਅਵਤਾਰ ਸਿੰਘ ਤਨੇਜਾ ਜ਼ਿਲ੍ਹਾਂ ਪ੍ਰਧਾਨ ਤਰਨਤਾਰਨ, ਨਵੀਨ ਗੁਪਤਾ,ਰਜੀਵ ਗੁਪਤਾ,ਬਲਵਿੰਦਰ ਸਿੰਘ ਤਰਨਤਾਰਨ ,ਅਨਿਲ ਧਵਨ ਪ੍ਰਧਾਨ ਪੱਟੀ,ਕਪਿਲ ਪੱਟੀ,ਬਲਵਿੰਦਰ ਸਿੰਘ ਹਰੋਵਾਲ ਜਿਲ੍ਹਾਂ ਪ੍ਰਧਾਨ ਗੁਰਦਾਸਪੁਰ,ਪ੍ਰਮਿੰਦਰ ਸਿੰਘ ਪ੍ਰਧਾਨ ਆੜ੍ਹਤੀਆਂ ਗੁਰਦਾਸਪੁਰ,ਅਜੀਤ ਨਾਰੰਗ ਜ਼ਿਲ੍ਹਾਂ ਪ੍ਰਧਾਨ ਹੋਸ਼ਿਆਰਪੁਰ,ਸੰਜੀਵ ਕੁਮਾਰ ਮੁਕੇਰੀਆਂ,ਜਗਜੀਤ ਸਿੰਘ,ਅਮਨਦੀਪ ਸਿੰਘ,ਗੋਲਡੀ ਹੋਸ਼ਿਆਰਪੁਰ,ਜਗਜੀਤ ਸਿੰਘ ਪ੍ਰਧਾਨ ਮੁਕੇਰੀਆਂ,ਅਮਨਦੀਪ ਸਿੰਘ ਮੁਕੇਰੀਆਂ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਵੈਂਕੂਵਰ ਵਿਖੇ ਭਾਰਤੀ ਐਂਬੇਸੀ ਦੇ ਸਾਹਮਣੇ ਕੈਨੇਡੀਅਨ ਸਿੱਖਾਂ ਵਲੋਂ ਮੁਜਾਹਿਰੇ ਲਈ ਹੋਇਆ ਭਾਰੀ ਇਕੱਠ



ਨਵੀਂ ਦਿੱਲੀ , 19 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਸਾਬਕਾ ਪ੍ਰਧਾਨ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਨੂੰ ਸਮਰਪਿਤ ਉਨ੍ਹਾਂ ਲਈ ਇਨਸਾਫ ਵਾਸਤੇ ਹਰ ਮਹੀਨੇ ਦੀ 18 ਅਪ੍ਰੈਲ ਨੂੰ ਭਾਰਤੀ ਕੌਂਸਲੇਟ ਵੈਨਕੂਵਰ ਕੈਨੇਡਾ ਦੇ ਸਾਮਣਗੇ ਭਾਰੀ ਰੋਸ–ਮੁਜਾਰਾ ਕੀਤਾ ਜਾਂਦਾ ਹੈ ਇਸੇ ਲੜੀ ਵਿਚ ਬੀਤੇ ਦਿਨ ਵੀਂ ਵੱਡਾ ਰੋਸ ਮੁਜਾਹਿਰਾ ਕੀਤਾ ਗਿਆ।ਜਿਸ ਦੌਰਾਨ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ ਅਤੇ ਭਾਰਤੀ ਅੰਬੈਸੀ ਨੂੰ ਬੰਦ ਕਰਨ ਦੀ ਮੰਗ ਵੀ ਜ਼ੋਰਾਂ ਤੇ ਚੱਕੀ ਗਈ, ਨਾਲ ਨਾਲ ਭਾਰਤੀ ਝੰਡੇ ਤਿਰੰਗੇ ਨੂੰ ਅੱਗ ਲਾ ਕੇ ਫੂਕਿਆ ਗਿਆ । ਇਸ ਮੌਕੇ ਸੰਗਤਾਂ ਵੱਡੀ ਗਿਣਤੀ ਵਿਚ ਇਕੱਤਰ ਹੋਈਆਂ ਸਨ ਜਿਨ੍ਹਾਂ ਵਲੋਂ ਰੋਸ ਪ੍ਰਦਰਸ਼ਨ ਦੌਰਾਨ ਜੰਮ ਕੇ ਨਾਅਰੇਬਾਜੀ ਕੀਤੀ ਗਈ ਸੀ । ਮੁਜਾਹਿਰੇ ਵਿਚ ਭਾਰਤੀ ਕੌਂਸਲੇਟ ਅਤੇ ਭਾਰਤੀ ਹਕੂਮਤ ਨੂੰ ਕਠਹਿਰੇ ਵਿਚ ਖੜਾ ਕਰਨ ਲਈ ਕੈਨੇਡਾ ਸਰਕਾਰ ਉਪਰ ਜ਼ੋਰ ਦਿੱਤਾ ਗਿਆ। ਇਸ ਦੌਰਾਨ ਗੁਰੂ ਘਰ ਦੇ ਪ੍ਰਬੰਧਕ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਖਾਲਸਾ, ਅਵਤਾਰ ਸਿੰਘ ਖਹਿਰਾ, ਭਾਈ ਗੁਰਮੀਤ ਸਿੰਘ ਗਿੱਲ, ਭਾਈ ਮਨਜਿੰਦਰ ਸਿੰਘ ਖਾਲਸਾ, ਅਜੈਪਾਲ ਸਿੰਘ, ਅਮਰਿਕਾ ਦੀ ਧਰਤੀ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਡਾਕਟਰ ਬਖਸ਼ੀਸ਼ ਸਿੰਘ ਸੰਧੂ, ਅਵਤਾਰ ਸਿੰਘ ਪਨੂੰ, ਭਾਈ ਬਿਕਰਮਜੀਤ ਸਿੰਘ, ਸਰਬਜੀਤ ਸਿੰਘ ਸਾਬੀ, ਰਾਜਦੀਪ ਰਾਜੂ ਕੈਲੀਫੋਰਨੀਆ, ਟੋਰਾਂਟੋ ਤੋਂ ਇੰਦਰਜੀਤ ਗੋਸਲ ਸਮੇਤ ਹੋਰ ਵੀ ਪਤਵੰਤੇ ਸੱਜਣ ਉਚੇਚੇ ਤੌਰ ਤੇ ਪਹੁੰਚੇ ਸਨ । ਸਿੱਖ ਆਗੂਆਂ ਨੇ ਰੈਫਰੈਂਡਮ ਦੀਆਂ ਵੋਟਾਂ ਦੇ ਅਗਲੇ ਪੜਾਅ ਦੀਆਂ ਵੋਟਾਂ ਜੋ ਕਿ 17 ਅਗਸਤ ਵਾਸ਼ਿੰਗਟਨ ਡੀਸੀ ਨੂੰ ਹੋਣੀਆਂ ਹਨ, ਵਿਚ ਵੀ ਵੱਧ ਤੋਂ ਵੱਧ ਗਿਣਤੀ ਅੰਦਰ ਪਹੁੰਚਣ ਦੀ ਅਪੀਲ ਕੀਤੀ ਗਈ ਤਾਂ ਤੋ ਅਜ਼ਾਦੀ ਦੇ ਸੰਘਰਸ਼ ਨੂੰ ਹੋਰ ਜ਼ਿਆਦਾ ਮਜ਼ਬੂਤ ਬਣਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਦਿੱਲੀ ਗੁਰਦੁਆਰਾ ਕਮੇਟੀ ਨੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਨਵੀਂ ਦਿੱਲੀ, 19 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):– ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ’ਤੇ ਕਮੇਟੀ ਦੇ ਅਧੀਨ ਵੱਖ–ਵੱਖ ਗੁਰੂ ਘਰਾਂ ਵਿਚ ਕੀਰਤਨ ਦੀਵਾਨ ਸਜਾਏ ਗਏ ਤੇ ਮੁੱਖ ਸਮਾਗਮ ਗੁਰਦੁਆਰਾ ਸ਼ੀਸ਼ਗੰਜ ਸਾਹਿਬ ਵਿਚ ’ਵਿਸ਼ੇਸ਼ ਕੀਰਤਨ ਸਮਾਗਮ ’ ਦੇ ਰੂਪ ਵਿਚ ਆਯੋਜਿਤ ਕੀਤਾ ਗਿਆ। ਸਮਾਗਮ ਵਿਚ ਭਾਈ ਮਨਪ੍ਰੀਤ ਸਿੰਘ ਕਾਨਪੁਰ, ਭਾਈ ਚਮਨਜੀਤ ਲਾਲ ਜੀ ਸਮੇਤ ਹੋਰ ਰਾਗੀ ਸਿੰਘਾਂ ਦੇ ਜੱਥੇ ਨੇ ਗੁਰੂ ਕੀ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਵਾਇਆ । ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਇਸ ਸਾਲ 25 ਨਵੰਬਰ ਨੂੰ ਆ ਰਿਹਾ ਹੈ ਬਹੁਤ ਖੁਸ਼ੀ ਦੀ ਗੱਲ ਹੈ ਕਿ ਦਿੱਲੀ ਗੁਰਦੁਆਰਾ ਕਮੇਟੀ ਤੇ ਪੰਥ ਦੀਆਂ ਹੋਰ ਸੰਸਥਾਵਾਂ ਵੱਲੋਂ ਇਸ ਬਾਬਤ ਪ੍ਰੋਗਰਾਮ ਉਲੀਕੇ ਜਾ ਰਹੇ ਹਨ । ਉਹਨਾਂ ਕਿਹਾ ਕਿ ਕਮੇਟੀ ਨੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਸਹਿਜ ਪਾਠ ਦੀ ਲੜੀ ਦੀ ਆਰੰਭਤਾ ਇਸ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਤੀ ਗਈ ਹੈ ਇਸ ਵਿਚ ਸੰਗਤਾਂ ਨੇ ਸਹਿਜ ਪਾਠਾਂ ਦੀ ਲੜੀ ਪ੍ਰਤੀ ਬਹੁਤ ਵੱਡਾ ਉਤਸ਼ਾਹ ਵਿਖਾਇਆ ਹੈ, ਇੰਨ੍ਹਾ ਸਹਿਜ ਪਾਠਾਂ ਦੇ ਭੋਗ 25 ਨਵੰਬਰ ਨੂੰ ਪੈਣਗੇ । ਉਹਨਾਂ ਕਿਹਾ ਕਿ ਗੁਰੂ ਸਾਹਿਬ ਜੀ ਦੇ ਨਾਲ–ਨਾਲ ਭਾਈ ਸਤੀ ਦਾਸ ਜੀ, ਭਾਈ ਮਤੀ ਦਾਸ ਜੀ ਤੇ ਭਾਈ ਦਿਆਲਾ ਜੀ ਦਾ ਵੀ ਸ਼ਹੀਦੀ ਦਿਹਾੜਾ ਕੌਮ ਨੇ ਮਨਾਉਣਾ ਹੈ। ਉਹਨਾਂ ਕਿਹਾ ਕਿ ਇਹ ਗੁਰੂ ਸਾਹਿਬ ਨੇ ਕ੍ਰਿਪਾ ਸਿੱਖ ਕੌਮ ਦੀ ਝੋਲੀ ਹੀ ਪਾਈ ਹੈ ਕਿ ਜਿਸ ਲਾਲ ਕਿਲ੍ਹੇ ਤੋਂ ਮਨੁੱਖਤਾ ਦੇ ਖਾਸ ਤੌਰ ’ਤੇ ਸਿੱਖਾਂ ਦੇ ਖਿਲਾਫ ਹੁਕਮ ਜਾਰੀ ਹੁੰਦੇ ਰਹੇ, ਉਸ ਲਾਲ ਕਿਲ੍ਹੇ ’ਤੇ 1783 ਨੂੰ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਰਾਮਗੜ੍ਹੀਆ ਤੇ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੇ ਫਤਿਹ ਦੇ ਝੰਡੇ ਝੁਲਾਏ ਸਨ ਅਸੀਂ ਓਸੇ ਲਾਲ ਕਿੱਲੇ ਤੇ 19 ਅਤੇ 20 ਅਪ੍ਰੈਲ ਨੂੰ ਦਿੱਲੀ ਫਤਿਹ ਦਿਵਸ ਮਨਾਇਆ ਜਾ ਰਿਹਾ ਹੈ ਜਿਸਦੇ ਪਹਿਲੇ ਦਿਨ ਗੁਰਬਾਣੀ ਕੀਰਤਨ ਸਮਾਗਮ ਹੋਣਗੇ ਤੇ ਦੂਜੇ ਦਿਨ ਜਰਨੈਲੀ ਫਤਿਹ ਮਾਰਚ ਹੋਵੇਗਾ ।ਉਹਨਾਂ ਕਿਹਾ ਕਿ ਅੱਜ ਵੀ ਦਿੱਲੀ ਵਿਚ ਮੋਰੀ ਗੇਟ, ਤੀਸ ਹਜ਼ਾਰੀ ਵਾਲੀ ਥਾਂ ਇਹ ਸਭ ਸਾਡੇ ਸਿੱਖ ਇਤਿਹਾਸ ਨਾਲ ਜੁੜੇ ਹੋਏ ਹਨ। ਉਹਨਾਂ ਕਿਹਾ ਕਿ ਸਿੱਖ ਕੌਮ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਆਪਣੇ ਪਰਿਵਾਰ, ਆਪਣੇ ਬੱਚਿਆਂ ਤੇ ਆਪਣੀ ਪੀੜੀ ਨੂੰ ਆਪਣੇ ਇਤਿਹਾਸ ਤੋਂ ਜਾਣੂ ਕਰਵਾਈਏ। ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਵੱਖ ਵੱਖ ਗੁਰਦੁਆਰਾ ਸਾਹਿਬਾਨ ਵਿਚ ਬਹੁਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ



### ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਮੁਗਲ ਹਾਕਮਾਂ ਦਾ ਹੰਕਾਰ ਤੋੜਣ ਲਈ ਚਾਂਦਨੀ ਚੌਕ ਵਿਖੇ ਸ਼ਹਾਦਤ ਦਿੱਤੀ ਤੇ ਮੁਗਲ ਹਕੂਮਤ ਦੇ ਅੰਤ ਦੀ ਸ਼ੁਰੂਆਤ ਹੋਈ: ਬਾਬਾ ਹਰੀ ਸਿੰਘ

ਜੰਡਿਆਲਾ ਗੁਰੂ, 19 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)– ਬੀਤੇ ਦਿਨ ਕੱਲ੍ਹ ਸ਼ਾਮ ਨੂੰ ਗੁਰਦੁਆਰਾ ਸਿੰਘ ਸਭਾ ਬਾਜ਼ਾਰ ਕਸ਼ਮੀਰੀਆਂ ਜੰਡਿਆਲਾ ਗੁਰੂ ਵਿਖੇ ਹਿੰਦ ਦੀ ਚਾਦਰ ਨੌਵੇਂ ਪਾਤਿਸ਼ਾਹ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਹਰੀ ਸਿੰਘ ਜੀ ਅਤੇ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਗੁਰਮਤਿ ਸਮਾਗਮ ਕਰਵਾਇਆ ਗਿਆ । ਜਿਸ ਵਿਚ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਹਰੀ ਸਿੰਘ ਜੀ ਤੋਂ ਇਲਾਵਾ ਕੀਰਤਨੀ ਜਥਿਆਂ ਨੇ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਸ਼ਬਦ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਭਾਈ ਹਰੀ ਸਿੰਘ ਜੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਜੀਵਨੀ ਤੇ ਸੰਖੇਪ ਵਿੱਚ ਸਾਂਝ ਪਾਉਂਦਿਆਂ ਹੋਇਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਪਾਵਨ ਧਰਤੀ ਬਾਬਾ ਬਕਾਲਾ ਸਾਹਿਬ ਵਿਖੇ 26 ਸਾਲ 9 ਮਹੀਨੇ 13 ਦਿਨ ਭੋਰਾ ਸਾਹਿਬ ਵਿੱਚ ਪ੍ਰਮਾਤਮਾ ਦੀ ਸਿਫ਼ਤ ਸਲਾਹ ਚ ਭਗਤੀ ਕੀਤੀ ਅਤੇ ਮਾਤਾ ਗੁਜਰ ਕੌਰ ਜੀ ਨੇ ਭੋਰਾ ਸਾਹਿਬ ਜੀ ਦੇ ਦਰਵਾਜ਼ੇ ਅੱਗੇ ਖੜ੍ਹ ਕੇ ਪਹਿਰਾ ਦਿੱਤਾ ਅਤੇ ਫਿਰ ਦਿੱਲੀ ਵਿੱਚ ਹਿੰਦੂ ਧਰਮ ਤੇ ਹੋ ਰਹੇ ਅੱਤਿਆਚਾਰ ਤੇ ਧੱਕੇ ਨਾਲ ਉਤਾਰੇ ਜਾ ਰਹੇ ਜਨੇਊ ਦੇ ਵਿਰੋਧ ਚ ਸ਼ਾਂਤਮਈ ਢੰਗ ਨਾਲ ਮੁਗਲ ਹਾਕਮਾਂ ਨਾਲ ਟਾਕਰਾ ਕੀਤਾ ਅਤੇ ਚਾਂਦਨੀ ਚੌਕ ਦਿੱਲੀ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਉਨ੍ਹਾਂ ਦੇ ਨਾਲ ਤਿੰਨ ਸਿੰਘਾਂ ਨੇ ਸ਼ਹਾਦਤ ਦਿੱਤੀ ਅਤੇ ਮੁਗ਼ਲ ਹਕੂਮਤ ਦੇ ਅੰਤ ਦੀ ਸ਼ੁਰੂਆਤ ਹੋਈ ਤਾਂਹੀ ਅੱਜ ਸ੍ਰੀ ਗੁਰੂ ਤੇਗ ਬਹਾਦਰ ਹਿੰਦ ਦੀ ਚਾਦਰ ਨਾਲ ਸੰਬੋਧਨ ਕੀਤਾ ਜਾਂਦਾ ਹੈ । ਆਖ਼ਰ ਵਿੱਚ ਸਮਾਪਤੀ ਮੌਕੇ ਭਾਈ ਹਰੀ ਸਿੰਘ ਜੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਹੁਕਮਨਾਮੇ ਤੋਂ ਉਪਰੰਤ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਗਈ ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਹਰਸਿਮਰਨ ਕੌਰ , ਪ੍ਰਭਜੋਤ ਸਿੰਘ ਮੁੱਖ ਸੇਵਾਦਾਰ, ਅਮਰੀਕ ਸਿੰਘ, ਮਨਜਿੰਦਰ ਸਿੰਘ, ਪਰਮਦੀਪ ਸਿੰਘ, ਬੀਬੀ ਰਣਜੀਤ ਕੌਰ, ਪਰਮਜੀਤ ਸਿੰਘ, ਮਨਜਿੰਦਰ ਸਿੰਘ ਭੋਲਾ, ਅਮਰਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਸ਼ਰਨ ਕੌਰ, ਬੀਬੀ ਬਲਜੀਤ ਕੌਰ, ਬੀਬੀ ਗੁਰਚਰਨ ਕੌਰ, ਬੀਬੀ ਜਸਵੰਤ ਕੌਰ ਆਦਿ ਸੰਗਤਾਂ ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਇੱਕ ਨਜ਼ਰ . . .



ਹਲਕਾ ਜੰਡਿਆਲਾ ਗੁਰੂ ਦੇ ਪਿੰਡ ਮਹਿਤਾ ਵਿੱਖੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਬੀ ਆਰ ਅੰਬੇਦਕਰ ਜੀ ਦਾ ਜਨਮ ਦਿਹਾੜਾ ਬੜੀ ਸਰਧਾ ਨਾਲ ਮਨਾਇਆ ਗਿਆ, ਇਸ ਮੌਕੇ ਤੇ ਹਲਕਾ ਇੰਚਾਰਜ ਹਰਦੀਪ ਸਿੰਘ ਗਿੱਲ ਅਤੇ ਬਾਬਾ ਨਛੱਤਰ ਨਾਥ ਸ਼ੇਰਗਿੱਲ ਅਤੇ ਹੋਰ ਵੀ ਆਗੂ ਹਾਜ਼ਰ ਸਨ।

**( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

## ਪੱਤਰਕਾਰ ਭਗਵਾਨ ਸਿੰਘ ਖੁਜਾਲਾ ਨਾਲ ਕੀਤਾ ਦੁੱਖ ਦਾ ਪ੍ਰਗਟਾਵਾ



ਚੌਕ ਮਹਿਤਾ, 19 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)- ਕਸਬਾ ਤਰਸਿੱਕਾ ਤੋਂ ਪੰਜਾਬੀ ਜਾਗਰਣ ਅਖਬਾਰ ਦੇ ਪੱਤਰਕਾਰ ਭਗਵਾਨ ਸਿੰਘ ਖੁਜਾਲਾ ਦੀ ਬੇਟੀ ਪਵਨਦੀਪ ਕੌਰ ਖੁਜਾਲਾ ਦੀ ਹੋਈ ਬੇਵਕਤੀ ਮੌਤ ਤੇ ਬੀਜੇਪੀ ਪਾਰਟੀ ਦੇ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਹਰਦੀਪ ਸਿੰਘ ਗਿੱਲ ਨੇ ਪੱਤਰਕਾਰ ਭਗਵਾਨ ਸਿੰਘ ਖੁਜਾਲਾ ਨਾਲ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਧੀਆਂ ਪੁੱਤਰ ਮਾਪਿਆਂ ਨੂੰ ਬਹੁਤ ਪਿਆਰੇ ਹੁੰਦੇ ਹਨ,ਮਾਪੇ ਧੀਆਂ ਪੁੱਤਰਾਂ ਲਈ ਖੂਹਾਂ 'ਚ ਵੀ ਜਾਲ ਪਾ ਲੈਂਦੇ ਹਨ ਤਾਂ ਕਿ ਉਨ੍ਹਾਂ ਨੇ ਬੱਚਿਆਂ ਨੂੰ ਤੱਤੀ ਵਾਅ ਨਾ ਲੱਗੇ।ਉਨ੍ਹਾਂ ਕਿਹਾ ਜਦੋਂ ਨੌਜਵਾਨ ਧੀ ਪੁੱਤ ਦੀ ਮੌਤ ਹੋ ਜਾਂਦੀ ਹੈ ਤਾਂ ਮਾਪਿਆਂ ਲਈ ਅਸਹਿ ਵਿਛੋੜਾ ਚੱਲਣਾ ਬੜਾ ਔਖਾ ਹੋ ਜਾਂਦਾ ਹੈ। ਉਨ੍ਹਾਂ ਕਿਹਾ ਪੱਤਰਕਾਰ ਭਗਵਾਨ ਸਿੰਘ ਦੀ ਬੇਟੀ ਪਵਨਦੀਪ ਕੌਰ ਉਮਰ 11 ਸਾਲ ਦਾ ਇਸ ਰੰਗਲੀ ਦੁਨੀਆਂ ਨੂੰ ਛੱਡ ਜਾਣਾ ਅੱਤ ਦੁੱਖਦਾਈ ਹੈ,ਪਰ ਉਸ ਡਾਢੇ ਅੱਗੇ ਕਿਸੇ ਦਾ ਜ਼ੋਰ ਨਹੀਂ ਚੱਲਦਾ। ਉਨ੍ਹਾਂ ਕਿਹਾ ਕਿ ਸਾਡੀ ਇਹੋ ਅਰਦਾਸ ਹੈ ਪ੍ਰਮਾਤਮਾ ਵਿੱਛੜ ਚੁੱਕੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।ਇਸ ਮੌਕੇ ਹੋਰਨਾਂ ਤੋਂ ਨਿਰਵੈਲ ਸਿੰਘ ਸਰਪੰਚ ਵਡਾਲੀ, ਸੁਰਜੀਤ ਸਿੰਘ ਰਾਏਪੁਰ ਕਲਾਂ,ਗੁਰਦਿਆਲ ਸਿੰਘ ਨੰਬਰਦਾਰ ਰਾਏਪੁਰ ਕਲਾਂ, ਸਰਬਜੀਤ ਸਿੰਘ ਵਡਾਲੀ ਅਤੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਖੁਜਾਲਾ ਦੇ ਸੇਵਾਦਾਰ ਭਾਈ ਦੀਪ ਸਿੰਘ ਖੁਜਾਲਾ ਆਦਿ ਹਾਜ਼ਰ ਸਨ।

## ਜੰਡਿਆਲਾ ਹਲਕੇ ਵਿੱਚ 1.36 ਕਰੋੜ ਰੁਪਏ ਦੀ ਲਾਗਤ ਵਾਲੇ ਕੰਮ ਪਿੰਡ ਤਾਰਾਗੜ੍ਹ ਦੇ ਸਕੂਲਾਂ ਸਮੇਤ ਹੋਰ ਸਕੂਲਾਂ ਨੂੰ ਈ ਟੀ ਓ ਨੇ ਸਮਰਪਿਤ ਕੀਤੇ

### ਸਿੱਖਿਆ ਦੇ ਖੇਤਰ ਵਿੱਚ ਪੰਜਾਬ ਕਰੇਗਾ ਦੇਸ਼ ਦੀ ਅਗਵਾਈ




ਜੰਡਿਆਲਾ ਗੁਰੂ 19 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ) ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਅੱਜ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਤਹਿਤ ਆਪਣੇ ਹਲਕੇ ਜੰਡਿਆਲਾ ਗੁਰੂ ਦੇ ਵਿੱਚ 1.36 ਕਰੋੜ ਰੁਪਏ ਦੀ ਲਾਗਤ ਨਾਲ ਕਰਵਾਏ ਗਏ ਕੰਮ ਸਕੂਲੀ ਬੱਚਿਆਂ ਨੂੰ ਸਮਰਪਿਤ ਕੀਤੇ। ਉਹਨਾਂ ਅੱਜ ਸਰਕਾਰੀ ਐਲੀਮੈਂਟਰੀ ਸਕੂਲ ਗੁੰਨੋਵਾਲ, ਸਰਕਾਰੀ ਐਲੀਮੈਂਟਰੀ ਸਕੂਲ ਧਾਰੜ, ਸਰਕਾਰੀ ਐਲੀਮੈਂਟਰੀ ਸਕੂਲ ਤਾਰਾਗੜ੍ਹ, ਸਰਕਾਰੀ ਐਲੀਮੈਂਟਰੀ ਸਕੂਲ ਮੱਲੀਆਂ, ਸਰਕਾਰੀ ਐਲੀਮੈਂਟਰੀ ਸਕੂਲ ਬਲੀਆਂ ਮੰਝਪੁਰ, ਸਰਕਾਰੀ ਮਿਡਲ ਸਕੂਲ ਧਾਰੜ, ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਤਾਰਾਗੜ੍ਹ ਅਤੇ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਮੱਲੀਆਂ ਦਾ ਦੌਰਾ ਕੀਤਾ ਅਤੇ ਇਹਨਾਂ ਸਕੂਲਾਂ ਵਿੱਚ ਪਿਛਲੇ ਥੋੜੇ ਅਰਸੇ ਦੌਰਾਨ ਸ਼ੁਰੂ ਕੀਤੇ ਗਏ ਕਮਰੇ, ਸਾਇੰਸ ਲੈਬ, ਗਰਾਉਂਡ ਅਤੇ ਚਾਰਦੀਵਾਰੀ ਦੇ ਕੰਮ ਦਾ ਉਦਘਾਟਨ ਸਕੂਲੀ ਬੱਚਿਆਂ ਤੇ ਪਿੰਡ ਦੇ ਪਤਵੰਤੇ ਸੱਜਣਾਂ ਦੀ ਹਾਜ਼ਰੀ ਵਿੱਚ ਕੀਤਾ। ਇਸ ਮੌਕੇ ਪਿੰਡਾਂ ਦੇ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਨੇ ਕਿਹਾ ਕਿ ਮੇਰੀ ਜ਼ਿੰਦਗੀ ਵਿੱਚ ਪਹਿਲੀ ਵਾਰ ਵੇਖਣ ਨੂੰ ਮਿਲਿਆ ਹੈ ਕਿ ਸਕੂਲਾਂ ਨੂੰ ਸਰਕਾਰ ਕਰੋੜਾਂ ਰੁਪਏ ਦੀ ਗਰਾਂਟਾਂ ਦੇ ਰਹੀ ਹੈ। ਉਹਨਾਂ ਕਿਹਾ ਕਿ ਇਹ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਸੋਚ ਹੈ, ਜਿਨਾਂ ਨੇ ਸਕੂਲਾਂ ਨੂੰ ਇਹ ਸੋਚ ਕੇ ਦਿਲ ਖੋਲ ਕੇ ਗਰਾਂਟਾਂ ਦਿੱਤੀਆਂ ਹਨ ਕਿ ਇਹ ਸਾਡੇ ਬੱਚਿਆਂ ਉੱਤੇ ਕੀਤਾ ਜਾਣ ਵਾਲਾ ਨਿਵੇਸ਼ ਹੈ । ਉਹਨਾਂ ਕਿਹਾ ਕਿ ਜਦੋਂ ਇੱਕ ਘਰ ਦਾ ਬੱਚਾ ਪੜ੍ਹ ਜਾਂਦਾ ਹੈ ਤਾਂ ਉਹ ਘਰ ਤਰੱਕੀ ਕਰ ਜਾਂਦਾ ਹੈ ਅਤੇ ਜੇਕਰ ਸਾਡੇ ਸਾਰੇ ਪਰਿਵਾਰਾਂ ਦੇ ਬੱਚੇ ਜੋ ਆਮ ਘਰਾਂ ਦੇ ਬੱਚੇ ਹਨ ਅਤੇ ਮਹਿੰਗੇ ਸਕੂਲਾਂ ਦੀਆਂ ਫੀਸਾਂ ਨਹੀਂ ਸਨ ਦੇ ਸਕਦੇ, ਵੀ ਪੜ੍ਹ ਲਿਖ ਜਾਣਗੇ ਤਾਂ ਸਾਡੇ ਪਿੰਡ ਤਰੱਕੀ ਕਰਨਗੇ । ਸਾਡੇ ਪਿੰਡ ਤਰੱਕੀ ਕਰਨਗੇ ਤੇ ਸਾਡਾ ਰਾਜ ਤਰੱਕੀ ਕਰੇਗਾ। ਉਹਨਾਂ ਕਿਹਾ ਕਿ ਇਹਨਾਂ ਸਕੂਲਾਂ ਦੇ ਉੱਤੇ ਕੀਤਾ ਗਿਆ ਨਿਵੇਸ਼ ਆਉਣ ਵਾਲੇ ਸਾਲਾਂ ਵਿੱਚ ਨਤੀਜੇ ਦੇਵੇਗਾ, ਜਦੋਂ ਸਾਡੀਆਂ ਆਉਣ ਵਾਲੀਆਂ ਪੀੜੀਆਂ ਦਾ ਆਰਥਿਕ ਤੌਰ ਉੱਤੇ ਮੁਹਾਂਦਰਾ ਬਦਲ ਜਾਵੇਗਾ।

# ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਅਤੇ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਦੁਬਾਰਾ ਤੋਂ ਐਨ. ਐਸ. ਏ ਵਧਾਉਣਾ ਦੀ ਨਿੰਦਾ: ਤਾਲਬਪੁਰਾ

## ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਜੀ ਨੂੰ ਅੱਗੇ ਆਉਣਾ ਚਾਹੀਦਾ



ਅਜਨਾਲਾ , 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਅਤੇ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੋਂ ਐਨ. ਐਸ. ਏ ਦੀ ਮਿਆਦ ਜੋ ਖਤਮ ਹੋ ਰਹੀ ਸੀ ਨੂੰ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਮਿਲੀਭੁਗਤ ਨਾਲ ਦੁਬਾਰਾ ਤੋਂ ਇਕ ਸਾਲ ਹੋਰ ਵਧਾਉਣ ਦੀ ਤਿੱਖੇ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਵਿਧਾਨ ਸਭਾ ਹਲਕਾ ਅਜਨਾਲਾ ਦੇ ਸੇਵਾਦਾਰ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਨੇ ਕਿਹਾ ਕਿ ਇਸ ਤਰ੍ਹਾਂ ਕਰਕੇ ਸਰਕਾਰ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਅਤੇ ਖਡੂਰ ਸਾਹਿਬ ਹਲਕੇ ਦੇ ਲੋਕਾਂ ਦੇ ਹੱਕਾਂ ਉਪਰ ਛਾਪਾ ਮਾਰਿਆ ਹੈ। ਸਰਕਾਰ ਵੱਲੋਂ ਪੰਜਾਬ ਵਿੱਚ ਟਕਰਾਅ ਵਾਲਾ ਮਾਹੌਲ ਤਿਆਰ ਕੀਤਾ ਜਾ ਰਿਹਾ ਹੈ। ਸਰਕਾਰ ਦੀ ਇਸ ਨੀਤੀ ਦਾ ਪ੍ਰਭਾਵ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਜਰੂਰ ਵੇਖਣ ਨੂੰ ਮਿਲੇਗਾ। ਉਨ੍ਹਾਂ ਕਿਹਾ ਕਿ ਬਦਲ ਚੁੱਕੇ ਹਲਾਤਾਂ ਦੇ ਮੱਦੇਨਜ਼ਰ ਹੁਣ ਸਿੱਖ ਕੌਮ ਨੂੰ ਤਿਖਾ ਸੰਘਰਸ਼ ਕਰਨ ਦੀ ਜਰੂਰਤ ਹੈ। ਇਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦਾ ਸੰਘਰਸ਼ ਆਮ ਜਨ ਜੀਵਨ ਨੂੰ ਪ੍ਰਭਾਵਿਤ ਨਹੀ ਕਰੇਗਾ ਅਤੇ ਲੋਕਾਂ ਦੀ ਹਮਦਰਦੀ ਅਤੇ ਹਮਾਇਤ ਹਾਸਲ ਕਰ ਕੇ ਪੰਜਾਬ ਅਤੇ ਕੇਂਦਰ ਸਰਕਾਰ ਨੂੰ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਰਿਹਾਈ ਲਈ ਮਜਬੂਰ ਕਰੇਗਾ। ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਹੱਕ ਵਿੱਚ ਅਵਾਜ ਬੁਲੰਦ ਕਰਨ ਦੀ ਅਪੀਲ ਕੀਤੀ।ਉਥੇ ਹੀ ਸਿੱਖਾਂ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਇਸ ਮਾਮਲੇ ਵਿੱਚ ਗੰਭੀਰਤਾ ਨਾਲ ਅੱਗੇ ਆਉਣਾ ਚਾਹੀਦਾ ਹੈ।

# ਮੰਤਰੀ ਈ.ਟੀ.ਓ. ਨੇ ਮਹਿਤਾ ਮੰਡੀ ਦੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

## ਕਿਹਾ - ਕਿਸਾਨ ਕਣਕ ਸੁਕਾ ਕੇ ਲਿਆਉਣ, 24 ਘੰਟੇ 'ਚ ਹੋਵੇਗੀ ਅਦਾਇਗੀ



ਚੌਕ ਮਹਿਤਾ, 19 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ) -ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਅੱਜ ਦਾਣਾ ਮੰਡੀ ਮਹਿਤਾ ਵਿਖੇ ਕਣਕ ਦੀ ਫ਼ਸਲ ਦੇ ਖਰੀਦ ਪ੍ਰਬੰਧ ਦਾ ਜਾਇਜਾ ਲੈਣ ਲਈ ਪਹੁੰਚੇ, ਜਿੱਥੇ ਉਨਾਂ ਨੇ ਆੜਤੀਆਂ ਦੇ ਨਾਲ ਵਿਸ਼ੇਸ਼ ਤੌਰ ਤੇ ਮੁਲਾਕਾਤ ਕੀਤੀ ਅਤੇ ਉਨਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ।ਉਨਾਂ ਦੇ ਨਾਲ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਡਾ ਗੁਰਵਿੰਦਰ ਸਿੰਘ ਰੰਧਾਵਾ, ਸੈਕਟਰੀ ਬਿਕਰਮਜੀਤ ਸਿੰਘ ਤੋਂ ਇਲਾਵਾ ਖਰੀਦ ਏਜੰਸੀਆਂ ਦੇ ਇੰਸਪੈਕਟਰ ਵੀ ਮੌਜੂਦ ਸਨ। ਇਸ ਦੌਰਾਨ ਮੰਤਰੀ ਈਟੀਓ ਨੇ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਪ੍ਰਭਾਵ ਨਾਲ ਇਨਾਂ ਸਮੱਸਿਆਵਾਂ ਦਾ ਹੱਲ ਕਰਨ ਲਈ ਆਖਿਆ। ਉਨਾਂ ਨੇ ਮੰਡੀ ਵਿਚੋ ਕਣਕ ਦੀ ਢੋਆ ਢੁਆਈ ਨੂੰ ਸਮੇ ਸਿਰ ਅਤੇ ਸੁਖਾਵਾਂ ਬਣਾਉਣ ਲਈ ਡੀ.ਐੱਫ.ਐੱਸ.ਓ. ਨੂੰ ਵਿਸ਼ੇਸ਼ ਹਦਾਇਤ ਜਾਰੀ ਕੀਤੀ। ਉਨਾਂ ਆਖਿਆ ਕਿ ਕਿਸਾਨਾਂ ਦੀ ਫਸਲ 24 ਘੰਟੇ ਅੰਦਰ ਖਰੀਦ ਤੇ ਵੇਚੀ ਗਈ ਫਸਲ ਦੀ ਤੈਅ ਸਮੇਂ ਅੰਦਰ ਅਦਾਇਗੀ ਯਕੀਨੀ ਬਣਾਈ ਜਾਵੇਗੀ ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਮੰਡੀਆਂ ਵਿੱਚ ਜਿਆਦਾ ਦੇਰ ਨਾ ਬੈਠਣਾ ਪਵੇ।ਉਨਾਂ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਮੰਡੀਆਂ ਵਿੱਚ ਫਸਲ ਪੂਰੀ ਤਰ੍ਹਾਂ ਸੁੱਕਾ ਕੇ ਹੀ ਲਿਆਂਦੀ ਜਾਵੇ ਤਾਂ ਜੋ ਫਸਲ ਵੇਚਣ ਲਈ ਮੰਡੀਆਂ ਵਿੱਚ ਨਾ ਬੈਠਣਾ ਪਵੇ। ਇਸ ਮੌਕੇ ਮਾਰਕਫੈੱਡ ਦੇ ਇੰਸਪੈਕਟਰ ਪੁਸ਼ਿਪੰਦਰ ਸਿੰਘ, ਪਨਗਰੇਨ ਦੇ ਇੰਸਪੈਕਟਰ ਪ੍ਰਭਜੋਤ ਸਿੰਘ ਤੇ ਜਗਜੀਤ ਸਿੰਘ ਸੰਧੂ, ਪਨਸਪ ਦੇ ਇੰਸਪੈਕਟਰ ਸੁਖਦੀਪ ਸਿੰਘ, ਬਲਾਕ ਪ੍ਰਧਾਨ ਜਰਮਨ ਉਦੋਨੰਗਲ, ਬਲਾਕ ਪ੍ਰਧਾਨ ਅਜੈ ਗਾਂਧੀ, ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ, ਸੀਨੀਅਰ ਆਗੂ ਸੁੱਖ ਰੰਧਾਵਾ, ਜਥੇ. ਰਾਜਬੀਰ ਸਿੰਘ ਉਦੋਨੰਗਲ, ਪ੍ਰਧਾਨ ਸੁਖਦੇਵ ਸਿੰਘ ਬੁੱਟਰ, ਪ੍ਰਧਾਨ ਗੁਰਮੁਖ ਸਿੰਘ ਔਜਲਾ, ਪ੍ਰਧਾਨ ਦਵਿੰਦਰ ਸਿੰਘ ਮੱਲੀ, ਪ੍ਰਧਾਨ ਜਤਿੰਦਰ ਸਿੰਘ ਲੱਧਾਮੁੰਡਾ, ਕੈਪਟਨ ਸਿੰਘ ਮਹਿਤਾ, ਗੁਰਵੇਲ ਸਿੰਘ ਡੇਅਰੀਵਾਲ, ਕੇਵਲ ਕ੍ਰਿਸ਼ਨ, ਪ੍ਰਧਾਨ ਬਲਜਿੰਦਰ ਸਿੰਘ ਹੈਪੀ, ਗੁਰਮੁਖ ਸਿੰਘ ਸਾਬਾ, ਸਾਬਕਾ ਸਰਪੰਚ ਰਜਿੰਦਰ ਸਿੰਘ ਉਦੋਨੰਗਲ, ਸੰਦੀਪ ਸਿੰਘ ਤਨੇਲ਼ ਤੇ ਜਗਦੀਪ ਸਿੰਘ (ਦੋਵੇਂ ਮਾਰਕੀਟ ਕਮੇਟੀ ਦੇ ਕਰਮਚਾਰੀ), ਬਲਜੀਤ ਸਿੰਘ ਚਾਹਲ, ਅਮਰਜੀਤ ਸਿੰਘ ਭੋਲਾ, ਸਰਪੰਚ ਨਿਸ਼ਾਨ ਸਿੰਘ ਦਬੁਰਜੀ, ਦਇਆ ਸਿੰਘ ਮਹਿਤਾ, ਸਰਪੰਚ ਰਣਜੀਤ ਸਿੰਘ ਸੰਤ ਗੁਰਬਚਨ ਸਿੰਘ ਨਗਰ, ਬਲਵਿੰਦਰ ਸਿੰਘ ਸਰਪੰਚ ਰਜਧਾਨ, ਜਸਕਰਨ ਸਿੰਘ ਸੰਧੂ, ਰਾਜਵਿੰਦਰ ਸਿੰਘ ਲਾਡੀ, ਮਨਜੀਤ ਸਿੰਘ ਸਰਪੰਚ ਮਲਕ ਨੰਗਲ, ਦਵਿੰਦਰ ਸਿੰਘ ਨੰਗਲੀ ਕਲਾਂ, ਸਰਪੰਚ ਪਰਮਜੀਤ ਕੌਰ, ਫੌਜੀ ਸੁਰਜੀਤ ਸਿੰਘ, ਸਰਪੰਚ ਗੁਰਵੇਲ ਸਿੰਘ ਜਲਾਲ, ਬਲਵਿੰਦਰ ਕੁਮਾਰ ਸ਼ਰਮਾਂ, ਕੁਲਤਾਰ ਸਿੰਘ ਪੱਡਾ, ਹਰਪਾਲ ਸਿੰਘ ਜੱਜ ,ਸੁਖਦੇਵ ਸਿੰਘ ਬੱਲ, ਕੁਲਦੀਪ ਸਿੰਘ ਬੁੱਟਰ, ਪਵਨ ਕੁਮਾਰ, ਕੁਲਵੰਤ ਸਿੰਘ ਬਟਾਲਾ, ਸੰਦੀਪ ਸਿੰਘ ਬਟਾਲਾ, ਚਮਕੌਰ ਸਿੰਘ, ਕਾਬਲ ਸਿੰਘ ਉਦੋ ਨੰਗਲ ਤੇ ਹੋਰ ਆੜਤੀਏ ਹਾਜਰ ਸਨ।

# ਟੋਹੜਾ ਸਾਹਿਬ ਦਾ ਛੇ ਘੰਟੇ ਬਿਨਾ ਇਲਾਜ ਤੜਫਦੇ ਰਹਿਣਾ ਵੀ ਸਾਜਿਸ਼ ਸੀ: ਬੰਡਾਲਾ



ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ): ਦਮਦਮੀ ਟਕਸਾਲ ਦੇ ਪੁਰਾਣੇ ਬਜੁਰਗ ਬੁਲਾਰੇ ਗੁਰਨਾਮ ਸਿੰਘ ਬੰਡਾਲਾ ਨੇ ਗੁਰਚਰਨ ਸਿੰਘ ਟੋਹੜਾ ਦੀ ਮੌਤ ਬਾਰੇ ਗੁਝੀ ਸਾਜਿਸ਼ ਨੂੰ ਪ੍ਰਗਟ ਕੀਤਾ।ਗੱਲਬਾਤ ਕਰਦਿਆਂ ਜਥੇਦਾਰ ਨੇ ਕਿਹਾ ਕਿ ਜਦੋਂ ਟੋਹੜਾ ਨੂੰ ਅੰਮ੍ਰਿਤਸਰ ਸ਼੍ਰੋਮਣੀ ਕਮੇਟੀ ਦਫਤਰ ਹਾਰਟਅਟੈਕ ਆਇਆ ਸੀ, ਜਿਆਦਾ ਖਤਰਨਾਕ ਨਹੀਂ ਸੀ ਪਰ ਕਿਸੇ ਚੰਗੇ ਡਾਕਟਰ ਨੂੰ ਬੁਲਾ ਕੇ ਇਲਾਜ ਕਰਨ ਦੀ ਕੋਸ਼ਿਸ਼ ਨਹੀਂ ਕੀਤੀ ਵੱਡੇ ਬਾਦਲ ਬਹੁਤ ਚਿਰ ਤੋਂ ਬਹਾਨਾ ਲਭ ਰਹੇ ਸਨ। ਗੱਲਬਾਤ ਕਰਦਿਆਂ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਕਿਹਾ ਕਿ ਸੁਖਬੀਰ ਬਾਦਲ ਨੂੰ ਮੁਖ ਮੰਤਰੀ ਬਣਨ ਤੇ ਟੋਹੜਾ ਵੱਡਾ ਅੜਿਕਾ ਸੀ, ਪ੍ਰਕਾਸ਼ ਸਿੰਘ ਬਾਦਲ ਤੇ ਸੁਖਬੀਰ ਹੈਲੀਕਾਪਟਰ ਲੈ ਕੇ ਆ ਗਏ, ਇਲਾਜ ਇਥੇ ਵੀ ਹੋ ਸਕਦਾ ਸੀ ਪਰ ਉਨ੍ਹਾਂ ਟੋਹੜਾ ਸਾਹਿਬ ਨੂੰ ਦਿੱਲੀ ਲੈ ਕੇ ਜਾਣ ਦੀ ਤਿਅਰੀ ਕਰ ਲਈ ਵੱਡੀ ਸਾਜਿਸ਼ ਸੀ ਬਿਨ੍ਹਾਂ ਸਟਰੇਚਰ ਤੋਂ ਚਾਦਰ ਤੇ ਟੋਹੜਾ ਨੂੰ ਹੈਲੀਕਾਪਟਰ ਦੀ ਫਰਸ਼ ਤੇ ਤੜਫਦੇ ਨੂੰ ਲੈ ਜਾਇਆ ਗਿਆ, ਪੰਜ ਘੰਟੇ ਲੱਗੇ ਫਿਰ ਵੱਡੇ ਬਾਦਲ ਨੇ ਵਾਜਪਾਈ ਨਾਲ ਇਕ ਘੰਟਾ ਗਲਬਾਤ ਕੀਤੀ ਗੱਲ ਸੀ ਹਿੰਦੂ ਜਥੇਬੰਦੀ ਆਰ.ਐਸ.ਐਸ ਨੂੰ ਟੋਹੜਾ ਸਾਹਿਬ ਪੰਥ ਤੋਂ ਦੂਰ ਰੱਖਦੇ ਸਨ। ਗੱਲਬਾਤ ਕਰਦਿਆਂ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਦੋਸ਼ ਲਾਇਆ ਕਿ ਬਾਦਲ ਸਾਹਿਬ ਹਿੰਦੂ ਵੋਟਾਂ ਲੈਣ ਲਈ ਹਿੰਦੂਤਵ ਨੂੰ ਪੰਥ ਵਿੱਚ ਰਲ ਗੱਲ ਕਰਨਾ ਚਾਹੁੰਦੇ ਸਨ ਹਿੰਦੂ ਵੋਟਾਂ ਰਾਹੀਂ ਸੁਖਬੀਰ ਨੂੰ ਮੁਖ ਮੰਤਰੀ ਬਣਾਉਣ ਦੇ ਚਾਹਵਾਨ ਸਨ ਟੋਹੜੇ ਦੇ ਇਲਾਜ ਕਾਰਨ ਭੋਗ ਪਾ ਦਿਤਾ। ਸਿੱਧੇ ਦੋਸ਼ ਲਾਉਂਦਿਆਂ ਜਥੇਦਾਰ ਬੰਡਾਲਾ ਨੇ ਕਿਹਾ ਕਿ ਬਾਦਲ ਨੇ ਤਿੰਨ ਸੋ ਸਾਲਾ ਦਿਵਸ ਤੇ ਅਨੰਦਪੁਰ ਆਰ.ਐਸ.ਐਸ ਦੇ ਪੰਜ ਸੋ ਸਾਧੂ ਸਦ ਲਏ ਝੂਠ ਬੋਲਿਆ ਇਹ ਅਮ੍ਰਿਤ ਛਕਣਗੇ, ਉਸ ਵਕਤ ਜਥੇਦਾਰ ਮਨਜੀਤ ਸਿੰਘ ਨੇ ਵਿਰੋਧ ਕੀਤਾ ਪਰ ਕਿਸੇ ਹੋਰ ਜਥੇਬੰਦੀ ਨੇ ਮੂਹ ਨਹੀਂ ਖੋਲਿਆ। ਉਨ੍ਹਾਂ ਕਿਹਾ ਕਿ ਟੋਹੜਾ ਸਾਹਿਬ ਦੇ ਨਾਮ ਤੇ ਮਲਾਈਆ ਖਾਣ ਵਾਲੇ ਚੰਦੂਮਾਜਰਾ ਪੰਜੋਲੀ ਸੁਖਦੇਵ ਸਿੰਘ ਭੋਰ ਇਨ੍ਹਾਂ ਦੇ ਸਾਹਮਣੇ ਸਭ ਕੁਛ ਹੋਇਆ ਪਰ ਇਨ੍ਹਾਂ ਲਾਲਚ ਵਸ ਹੋ ਕੇ ਮੂੰਹ ਨਹੀਂ ਖੋਲਿਆ, ਇਥੇ ਬਸ ਨਹੀਂ ਸੁਖਬੀਰ ਨੂੰ ਮੁਖ ਮੰਤਰੀ ਬਣਾਉਣ ਲਈ ਕੈਪਟਨ ਕਵਲਜੀਤ ਬਰਹਮਪੁਰੇ ਨੂੰ ਪਾਸੇ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅੱਜ ਤੱਕ ਸੁਖਬੀਰ ਮੁਖ ਮੰਤਰੀ ਬਣਨ ਲਈ ਪੰਥ ਤੇ ਵੱਡੇ ਹਮਲੇ ਹੋ ਰਹੇ ਹਨ, ਜਥੇਦਾਰ ਲਾਹੇ ਗਏ, ਸਰਸੇ ਵਾਲੇ ਨੂੰ ਮੁੱਖ ਰਖਿਆ, ਬੇਅਦਬੀ ਹੋ ਗਈ ਬਹੁਤ ਕੁਛ ਹੋ ਰਿਹਾ। ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਕਿਹਾ ਕਿ ਬਹੁਤ ਸਿੱਖ ਲਾਲਚੀ ਹਨ ਸੁਖਬੀਰ ਦਾ ਝੰਡਾ ਚੁਕਣਗੇ, ਪਰ ਗੁਰੂ ਗਰੰਥ ਸਾਹਿਬ ਜੀ ਦਾ ਜੋ ਅਦੁਤੀ ਪਹਿਰਾ ਚਲ ਰਿਹਾ ਸੁਖਬੀਰ ਕਦੀ ਵੀ ਮੁਖ ਮੰਤਰੀ ਨਹੀਂ ਬਣੇਗਾ।

# ਜੈਨੇਸਿਸ ਅਮਨਦੀਪ ਹਸਪਤਾਲ ਨੇ ਲਾਇਆ ਮੁਫਤ ਮੈਡੀਕਲ ਕੈਂਪ

ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਜੇਨੇਸਿਸ ਅਮਨਦੀਪ ਮਲਟੀ—ਸਪੈਸ਼ਲਟੀ ਹਸਪਤਾਲ ਫਿਰੋਜ਼ਪੁਰ ਵੱਲੋਂ ਸ਼ਨੀਵਾਰ ਨੂੰ ਇੱਕ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਇਹ ਕੈਂਪ ਸਵੇਰੇ 9:30 ਵਜੇ ਤੋਂ ਦੁਪਹਿਰ 1:00 ਵਜੇ ਤੱਕ ਫਿਰੋਜ਼ਪੁਰ ਵੈਲਫੇਅਰ ਕਲੱਬ ਨੇੜੇ ਪਰਮਾਰਥ ਭਵਨ ਫਿਰੋਜ਼ਪੁਰ ਸ਼ਹਿਰ ਵਿਖੇ ਲਗਾਇਆ ਗਿਆ। ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਇਸ ਕੈਂਪ ਵਿੱਚ ਨਿਊਰੋ ਅਤੇ ਰੀੜ੍ਹ ਦੀ ਹੱਡੀ ਨਾਲ ਸੰਬੰਧਤ ਬਿਮਾਰੀਆਂ ਤੋਂ ਇਲਾਵਾ ਪੇਟ ਅਤੇ ਜਿਗਰ ਦੀਆਂ ਬਿਮਾਰੀਆਂ ਦੀ ਜਾਂਚ ਤੇ ਸਲਾਹ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਖਾਸ ਕਰਕੇ ਸਿਰ ਦਰਦ, ਸਲਿਪ ਡਿਸਕ, ਬਰੇਨ ਟਿਊਮਰ, ਰੀੜ੍ਹ ਦੀ ਚੋਟ, ਲਕਵੇ ਵਗੈਰ੍ਹਾ ਵਰਗੀਆਂ ਸਮੱਸਿਆਵਾਂ ਦੀ ਜਾਂਚ ਸੀਨੀਅਰ ਨਿਊਰੋ ਤੇ ਸਪਾਈਨ ਸਰਜਨ ਡਾ: ਆਰਿਫ਼ ਹੁਸੈਨ ਵੱਲੋਂ ਕੀਤੀ ਗਈ।ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਕੈਂਪ ਵਿੱਚ 100 ਤੋਂ ਵੱਧ ਮਰੀਜ਼ਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਦੇ ਬੀ.ਪੀ., ਬਲੱਡ ਸ਼ੂਗਰ ਅਤੇ ਹੋਰ ਲੋੜੀਂਦੇ ਟੈਸਟ ਵੀ ਮੁਫ਼ਤ ਕੀਤੇ ਗਏ। ਅੰਤ ਵਿੱਚ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ। ਇਸ ਮੌਕੇ ਡਾ: ਆਰਿਫ਼ ਹੁਸੈਨ, ਡਾ: ਅਰਸ਼ਦ ਕਦੀਰ, ਫਿਰੋਜ਼ਪੁਰ ਕਲੱਬ ਤੋਂ ਸੰਜੀਵ ਖੇੜਾ, ਪ੍ਰਿਥਵੀ ਰਾਜ ਮੋਂਗਾ, ਅਸ਼ੋਕ ਮੋਂਗਾ, ਅਸ਼ੋਕ ਯਾਦਵ ਅਤੇ ਹੋਰ ਸਟਾਫ ਮੈਂਬਰ ਵੀ ਮੌਜੂਦ ਸਨ।

# ਇੱਕ ਨਜ਼ਰ...



## ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਨਾਲ ਮਨਾਇਆ

ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਸਰਬ ਨਿਵਾਸ ਗਲੀ ਨਿਹੰਗਾਂ ਵਾਲੀ ਅੰਦਰੂਨ ਬਗਦਾਦੀ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਮੌਕੇ ਤੇ ਰਾਤ ਦੇ ਦੀਵਾਨ ਸਜਾਏ ਗਏ, ਜਿਸ ਵਿਚ ਭਾਈ ਜਤਿੰਦਰਪਾਲ ਸਿੰਘ ਹਜ਼ੂਰੀ ਰਾਗੀ ਬਜੀਦਪੁਰ ਵਾਲੇ ਤੇ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚੇ, ਜਿਥੇ ਸੰਗਤਾਂ ਨੇ ਸਪੈਸ਼ਲ ਤੌਰ ਤੇ ਜੀ ਆਇਆ ਆਖਿਆ ਅਤੇ ਫੁੱਲਾਂ ਦੇ ਹਾਰ ਅਤੇ ਬੂੱਕੇ ਦੇ ਕੇ ਅੰਦਰ ਗੁਰਦੁਆਰਾ ਸਾਹਿਬ ਵਿਚ ਲਿਆਂਦਾ, ਜਿਥੇ ਉਨ੍ਹਾਂ ਨੇ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਬਾਬਾ ਅਵਤਾਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸਰਬ ਨਿਵਾਸ ਨੇ ਆਏ ਹੋਏ ਰਾਗੀ ਕਥਾ ਵਾਚਕ ਜਥਿਆਂ ਦਾ ਧੰਨਵਾਦ ਕੀਤਾ ਅਤੇ ਖਾਸ ਕਰਕੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਗੁਰਦੁਆਰ ਸਰਬ ਨਿਵਾਸ ਦੇ ਪ੍ਰਧਾਨ ਭਾਈ ਤਜਿੰਦਰ ਸਿੰਘ, ਬਲਦੇਵ ਸਿੰਘ ਜੱਬਲ, ਸੁਖਦੇਵ ਸਿੰਘ ਜੱਬਲ, ਬਾਬਾ ਅਵਤਾਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸਰਬ ਨਿਵਾਸ, ਹਰਜੀਤ ਸਿੰਘ ਕਾਲਾ, ਜ਼ਸਵਿੰਦਰ ਸਿੰਘ ਲੋਟੇ, ਮੁਖਤਿਆਰ ਸਿੰਘ ਖਾਲਸਾ ਸਟਰਿੰਗ ਵਾਲੇ, ਤਜਿੰਦਰਪਾਲ ਸਿੰਘ ਮੌਂਟੀ, ਤਜਵਿੰਦਰ ਸਿੰਘ ਗੋਰਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂਆਂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤ੍ਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਵਿਖੇ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਦੀ ਮਿੱਠੀ ਯਾਦ ਵਿਚ ਪਹਿਲਾ ਮਹਾਨ ਕੀਰਤਨ ਦਰਬਾਰ 25 ਅਪ੍ਰੈਲ ਨੂੰ

ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਵਿਖੇ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਜੀ ਦੀ ਮਿੱਠੀ ਯਾਦ ਵਿਚ ਪਹਿਲਾ ਮਹਾਨ ਕੀਰਤਨ ਦਰਬਾਰ 25 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਨੀ ਚੌਂਕ ਫ਼ਿਰੋਜ਼ਪੁਰ ਛਾਉਣੀ ਦੇ ਪ੍ਰਧਾਨ ਭਾਈ ਜ਼ੋਰਾ ਸਿੰਘ ਸੰਧੂ ਪ੍ਰਧਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਥ ਦੇ ਮਹਾਨ ਕੀਰਤਨੀਏ ਗੁਰਮਤਿ ਸੰਗੀਤ ਦੇ ਧਨੀ ਪਦਮ ਸ੍ਰੀ ਭਾਈ ਨਿਰਮਲ ਸਿੰਘ ਖਾਲਸਾ ਜੀ ਦੀ ਮਿੱਠੀ ਯਾਦ ਵਿਚ ਪਹਿਲਾ ਮਹਾਨ ਕੀਰਤਨ ਦਰਬਾਰ 25 ਅਪ੍ਰੈਲ ਨੂੰ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜ਼ਾ ਰਿਹਾ ਹੈ। ਭਾਈ ਜ਼ੋਰਾ ਸਿੰਘ ਸੰਧੂ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਆਰੰਭਤਾ 23 ਅਪ੍ਰੈਲ 2025 ਦਿਨ ਬੁੱਧਵਾਰ ਅਤੇ ਭੋਗ ਸ੍ਰੀ ਆਖੰਡ ਪਾਠ ਸਾਹਿਬ 25 ਅਪ੍ਰੈਲ 2025 ਦਿਨ ਸ਼ੁਕਰਵਾਰ ਸਮਾਂ 10 ਵਜੇ ਪਾਏ ਜਾਣਗੇ ਅਤੇ ਰਾਤ ਦੇ ਦੀਵਾਨ ਵੀ 25 ਅਪ੍ਰੈਲ ਨੂੰ ਕਰਵਾਏ ਜਾ ਰਹੇ ਹਨ, ਜਿਸ ਵਿਚ ਪੰਥ ਦੇ ਮਹਾਨ ਸੰਤ ਮਹਾਂਪੁਰਸ਼ ਰਾਗੀ ਪਹੁੰਚ ਰਹੇ ਹਨ, ਜਿਨ੍ਹਾਂ ਵਿਚ ਸੰਤ ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਭਾਈ ਸਰੂਪ ਸਿੰਘ ਹਜ਼ੂਰੀ ਰਾਗੀ ਸਚਖੰਡ ਸ੍ਰੀ ਦਰਬਾਰ ਸਾਹਿਬ, ਭਾਈ ਨਰਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਭਾਈ ਇੰਦਰਜੀਤ ਸਿੰਘ ਸਾਜਨ ਫ਼ਿਰੋਜ਼ਪੁਰ ਵਾਲੇ, ਭਾਈ ਸੁਖਵਿੰਦਰ ਸਿੰਘ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਤੋਂ ਇਲਾਵਾ ਭਾਈ ਕੰਵਲਜੀਤ ਸਿੰਘ ਖਾਲਸਾ, ਭਾਈ ਸੰਦੀਪ ਸਿੰਘ ਖਾਲਸਾ ਖਾਈ ਵਾਲੇ, ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਸਟੇਜ਼ ਦੀ ਸੇਵਾ ਸ: ਸਵਰਨਜੀਤ ਸਿੰਘ ਸੋਹਾਣਾ ਨਿਭਾਉਣਗੇ। ਭਾਈ ਜ਼ੋਰਾ ਸਿੰਘ ਸੰਧੂ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਤਨ, ਮਨ, ਧੰਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



## ਨਸ਼ੇ ਕੁਲ ਜਹਾਨ ਦੇ ਉਤਰ ਜਾਣ ਪ੍ਰਭਾਵ ਨਾਮ ਖੁੰਮਾਰੀ ਨਾਨਕਾ ਚੜੀ ਰਹੇ ਦਿਨ ਰਾਤ: ਪੀ.ਸੀ ਕੁਮਾਰ

ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) : ਨਸ਼ਾ ਕੋਈ ਬਿਮਾਰੀ ਨਹੀਂ, ਇਕ ਆਦਤ ਜ਼ੋ ਦੇਖੋ ਦੇਖੀ ਵਿਸ਼ਿਆਂ ਸ਼ਕਤੀ, ਚਿੰਤਾ ਸਭ ਤੋਂ ਵੱਖ ਵਿਹਲਾਪਣ। ਇਹ ਵਿਚਾਰ ਸਾਂਝੇ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਅੱਜ ਸਭ ਲੋਕ ਇਕ ਜਾਂ ਦੂਜਾ ਕਾਰਨ ਸਦਕਾ ਇਸ ਨਸ਼ੇ ਦੀ ਪਕੜ ਵਿਚ ਆ ਚੁੱਕੇ ਹਨ, ਚਾਹੇ ਉਹ ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀ ਜਾਂ ਫਿਰ ਬਿਮਾਰੀ ਜਿਸ ਦੀ ਪਕੜ ਵਿਚ ਉਪਰ ਲਿਖੇ ਕਾਰਨਾਂ ਵਿਚੋਂ ਕਿਸ ਇਕ ਜਾਂ ਦੂਜੇ ਜਾਂ ਤੀਜੇ ਕਾਰਨਾਂ ਜਿਸ ਦਾ ਉਪਾ ਇਕੋ ਇਕ ਮਨ ਦੇ ਬਿਗਾੜਣੇ ਸੇ ਬਿਗੜਤਾ ਹੈ ਆਦਮੀ ਜਿਸ ਨੇ ਇਸੇ ਸੰਭਾਲਾ ਸੰਭਲ ਗਿਆ, ਜਿਸ ਦਾ ਕਿਸੇ ਉਪਰ ਵਰਗ ਜਾਤੀ ਇਲਾਕੇ, ਦੇਸ਼ ਕੌਮ ਅਹੁਦੇ ਗਰੀਬੀ, ਅਮੀਰੀ, ਗ੍ਰਹਿਸਤੀ, ਭੋਗੀ, ਸੰਤ ਅਸੰਤ ਆਦਿ ਨਾਲ ਨਾਲ ਨਹੀਂ ਇਹ ਇਕ ਲਾਹਨਤ ਆਦਤ ਜ਼ੋ ਅੱਜ ਪੰਜ ਸਾਲ ਦੇ ਬੱਚੇ, ਸੋ ਸਾਲ ਦੇ ਬੁਢੇ, ਗਰੀਬ ਤੋਂ ਗਰੀਬ, ਅਮੀਰ ਤੋਂ ਅਮੀਰ ਹੱਲ ਵੀ ਇਲਾਜ ਵੀ ਦਵਾਈ ਗੋਲੀ ਟੀਕਾ ਨਹੀਂ ਇਕੋ ਇਕ ਮਨ ਕੇ ਬਿਗੜਤਾ ਹੈ ਬਿਗੜਤਾ ਜਿਸੇ ਇਸੇ ਸੁਧਾਰ ਸੁਧਾਰ ਗਿਆ ਇਲਾਜ ਹੈ, ਅੱਜ ਘਰ, ਸਕੂਲ ਹਰ ਸਰਕਾਰੀ, ਅਰਧ, ਪ੍ਰਾਈਵੇਟ ਅਦਾਰਿਆਂ ਵਿਚ ਇਸ ਦਾ ਬੋਲਬਾਲਾ, ਖੇਤ ਨੂੰ ਵਾੜ ਖਾ ਰਹੀ ਹੈ, ਇਕੋ—ਇਕ ਉਪਾ ਬੁਰੇ ਨੂੰ ਨਾ ਮਾਰੋ ਬੁਰੇ ਦੀ ਮਾਂ ਨੂੰ ਮਾਰੋ ਭਾਵ ਬੰਦੇ ਸਾਰੇ ਨਸਾ ਨਾ ਮਿਲੇ ਜਾਂ ਫਿਰ ਮਰੋਣਾ ਸਰ ਜਾਏ ਮਗਰ ਨਸ਼ਾ ਨਾ ਖਾਏ ਦ੍ਰਿੜ ਸੰਕਲਪ ਭਾਵ ਜਨਮ ਤੋਂ ਪਹਿਲਾਂ ਨਸਈ ਮਾਂ ਬਾਪ ਫਿਰ 3 ਸਾਲ ਤੋਂ 14 ਸਾਲ ਤੱਕ ਆਦਤਾਂ ਦਾ ਖਿਆਲ ਹੀ ਇਕੋ ਇਕ ਹੱਲ ਜ਼ੋ ਹੋਣਾ ਬਣਦਾ ਹੈ ਜ਼ੋ ਨਾ ਹੋਣ ਸਦਕਾ ਅੱਜ ਨਸ਼ੇ ਨਸ਼ਾ ਨਸ਼ਾ ਹੱਲ ਕੋਈ ਨਹੀਂ।

# ਵਾਹ ਓਏ ਕੌਮ ਦਿਆ ਸੂਰਮਿਆ ਤੈਨੂੰ ਇੱਕ ਸੂਬੇ ਦੀ ਸਰਕਾਰ ਜੇਲ ਵਿੱਚ ਰੱਖਣ ਤੋ ਵੀ ਥਰ ਥਰ ਕੰਬਦੀ ਹੈ , ਮਾਣ ਹੈ ਤੇਰੀ ਕੁਰਬਾਨੀ 'ਤੇ : ਪੰਜੋਲੀ

ਅਖਬਾਰਾਂ ਦੀਆਂ ਖ਼ਬਰਾਂ ਦੱਸਦੀਆਂ ਹਨ ਕਿ ਪੰਜਾਬ ਸਰਕਾਰ ਨੇ ਸੁਪਰੀਮ ਕੋਰਟ ਵਿੱਚ ਇੱਕ ਹਲਫਨਾਮਾ ਦਾਇਰ ਕਰਕੇ ਕਿਹਾ ਹੈ ਕਿ ਅਸੀਂ ਖਾੜਕੂ ਆਗੂ ਭਾਈ ਜਗਤਾਰ ਸਿੰਘ ਹਵਾਰਾ ਨੂੰ ਪੰਜਾਬ ਦੀ ਕਿਸੇ ਵੀ ਜੇਲ ਵਿੱਚ ਨਹੀਂ ਰੱਖ ਸਕਦੇ । ਪੰਜਾਬ ਸਰਕਾਰ ਦਾ ਇਹ ਹਲਫ਼ਨਾਮਾ ਹੈ ਤਾ ਇੱਕ ਤਰਾ ਨਾਲ ਬਦਮਾਸ਼ੀ , ਪਰ ਸਿੱਖ ਪੰਥ ਨੂੰ ਕੌਮੀ ਯੋਧੇ ਭਾਈ ਭਾਈ ਜਗਤਾਰ ਸਿੰਘ ਹਵਾਰਾ ਉੱਤੇ ਮਾਣ ਹੈ ਕਿ ਸਾਡੇ ਬੱਬਰ-ਸ਼ੇਰ ਤੋ ਗਿੱਦੜਾਂ ਦੀ ਸਰਕਾਰ ਥਰ ਥਰ ਕੰਬਦੀ ਹੈ । ਵਾਹ ਓਏ ਮਾਂ ਦਿਆ ਸ਼ੇਰਾ ਨਹੀਂ ਰੀਸਾਂ ਤੇਰੀਆਂ , ਪੈਰਾਂ ਵਿੱਚ ਬੇੜੀਆਂ, ਹੱਥੀਂ ਹੱਥਕੜੀਆਂ , ਸੰਗੀਨਾਂ ਦੀ ਛਾ ਅਤੇ ਪੁਲੀਸ ਦੀ ਧਾੜ ਵਿੱਚ ਸਿੱਖ ਕੌਮ ਦਾ ਇਹ ਯੋਧਾ ਜਦੋਂ ਤੁਰਦਾ ਹੈ , ਧਰਤੀ ਹਿੱਲਦੀ ਹੈ , ਦੁਸਮਨ ਨੂੰ ਕਾਂਬਾ ਛਿੜਦਾ ਹੈ ਕਹਿੰਦੇ ਹਨ ਕਿ ਜਗਤਾਰ ਸਿੰਘ ਹਵਾਰਾ ਦੇ ਵੱਡ ਵਡੇਰੇ ਬੰਦਾ ਸਿੰਘ ਬਹਾਦਰ ਨੂੰ ਮੁਗਲ ਹਕੂਮਤ ਇਸ ਕਰਕੇ ਪਿੰਜਰੇ ਵਿੱਚ ਕੈਦ ਰੱਖਦੀ ਸੀ ਕਿ ਇਹ ਉਡ ਜਾਂਦਾ ਹੈ ਅਤੇ ਪਿੰਜਰੇ ਨੂੰ ਸੰਗਲਾ ਨਾਲ ਬੰਨ ਕੇ ਧਰਤੀ ਵਿੱਚ ਕਿੱਲੇ ਗੱਡ ਕੇ ਬੰਨਿਆ ਜਾਂਦਾ ਸੀ ਕਿ ਕਿਤੇ ਸਮੇਤ ਪਿੰਜਰੇ ਹੀ ਨਾ ਉਡ ਜਾਵੇ । ਇਸੇ ਕਰਕੇ ਜਗਤਾਰ ਸਿੰਘ ਹਵਾਰਾ ਦੇ ਪੈਰੀ ਬੇੜੀਆਂ ਪਾ ਕੇ ਰੱਖਿਆ ਜਾਦਾ ਹੈ ਕਿ ਕਿਤੇ ਉੱਡ ਹੀ ਨਾ ਜਾਵੇ । ਸਰਕਾਰਾਂ ਬੁੱਜਦਿੱਲ ਅਤੇ ਕਾਇਰ ਹਨ । ਸੁਰਮੇ ਇਤਹਾਸ ਦੇ ਹੀਰੋ ਹੁੰਦੇ ਅਤੇ ਜਦੋਂ ਤੱਕ ਦੁਨੀਆ ਰਹਿੰਦੀ ਹੈ ਸਰਮੇ ਇਤਿਹਾਸ ਵਿੱਚ ਜਿਉਂਦੇ ਵੀ ਰਹਿੰਦੇ ਹਨ । ਧੰਨ ਹੈ ਉਹ ਮਾਂ ਜਿਸ ਦੀ ਕੁੱਖ ਤੋ ਜਗਤਾਰ ਸਿੰਘ ਹਵਾਰੇ ਦਾ ਜਨਮ ਹੋਇਆ ਹੈ । ਲੱਖ ਵਾਰ ਪਰਨਾਮ ਹੈ ਉਸ ਮਾਂ ਨੂੰ ਜਿਸ ਨੇ ਸੁਰਮੇ ਪੁੱਤ ਨੂੰ ਜਨਮ ਦਿੱਤਾ ਹੈ ।



**ਕਰਨੈਲ ਸਿੰਘ ਪੰਜੋਲੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ।**

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਤਿੰਨ ਰੋਜ਼ਾ ਕੈਂਪ ਦੌਰਾਨ ਵੱਡੀ ਗਿਣਤੀ 'ਚ ਫਰੀ ਦਵਾਈਆਂ ਦੀ ਕੀਤੀ ਸੇਵਾ

ਤਲਵੰਡੀ ਸਾਬੋ, 19 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਨੇ ਲਗਾਤਾਰ ਪਿਛਲੇ 15 ਸਾਲਾਂ ਤੋਂ ਖਾਲਸੇ ਦੇ ਸਾਜਨਾ ਦਿਵਸ, ਵਸਾਖੀ ਦੇ ਪਵਿੱਤਰ ਦਿਹਾੜੇ 'ਤੇ ਦਰਸ਼ਨਾਂ ਲਈ ਆ ਰਹੀਆਂ ਦੇਸ਼ ਵਿਦੇਸ਼ ਤੋਂ ਸੰਗਤਾਂ ਦੀ ਸਹੂਲਤ ਲਈ ਤਿੰਨ ਦਿਨ ਮੁਫ਼ਤ ਮੈਡੀਕਲ ਸੇਵਾ ਕਰਕੇ ਇਕ ਭਾਈਚਾਰਕ ਸਾਂਝ ਅਤੇ ਐਸੋਸੀਏਸਨ ਦੇ ਮੁੱਖ ਏਜੰਡੇ ਮੁਤਾਬਿਕ ਮਾਨਵ ਸੇਵਾ, ਪਰਮੋ, ਧਰਮ ਦਾ ਇਕ ਸੰਦੇਸ਼ ਦਿੰਦੇ ਹੋਏ ਲੱਖਾਂ ਸੰਗਤਾਂ ਦੀ ਸਿਹਤ ਨੂੰ ਧਿਆਨ ਚ ਰਖਦਿਆਂ ਦਵਾਈਆਂ ਦਾ ਲੰਗਰ ਲਗਾ ਕੇ ਸੇਵਾ ਨਿਭਾਈ। ਇਸ ਕੈਂਪ ਦੇ ਸਬੰਧ ਵਿੱਚ ਬਲਾਕ ਪ੍ਰਧਾਨ ਡਾਕਟਰ ਗੁਰਮੇਲ ਸਿੰਘ ਘਈ ਨੇ ਦੱਸਿਆ ਕਿ ਐਸੋਸੀਏਸ਼ਨ ਦੇ ਸਾਰੇ ਬਲਾਕ ਮੈਂਬਰ ਦਸਵੰਧ ਕੱਢਦੇ ਹਨ ਅਤੇ ਆਪ ਖੁਦ ਦਿਨ ਰਾਤ ਸੇਵਾ ਕਰਦੇ ਹਨ ਜਿਸ ਵਿਚ ਸਟੇਟ ਬਾਡੀ ਜ਼ਿਲ੍ਹਿਆਂ ਦੀਆਂ ਬਲਾਕਾਂ ਸ਼ਾਮਿਲ ਹੋ ਕੇ ਇਕ ਭਾਈਚਾਰਿਕ ਸਾਂਝ ਦਾ ਪੂਰੇ ਦੇਸ਼ਾਂ ਵਿਦੇਸ਼ਾ ਵਿੱਚ ਸੁਨੇਹਾ ਦਿੰਦੀਆਂ ਹਨ। ਇਸ ਤੋਂ ਇਲਾਵਾ ਐਸਜੀਪੀਸੀ ਹਰ ਸਾਲ ਕਦਵਾਇਆਂ ਦੇ ਲੰਗਰ ਲਈ ਫਰੀ ਜਗਾ ਦਾ ਸਹਿਯੋਗ ਦਿੰਦੀ ਆ ਰਹੀ ਹੈ ਜੋ ਕਿ ਵਧਾਈ ਦੀ ਪਾਤਰ ਹੈ ਜਿਸ ਦਾ ਅਸੀਂ ਅਤੀ ਧੰਨਵਾਦ ਕਰਦੇ ਹਾਂ ਕਿਉਂਕਿ ਇਕ ਮੁੱਖ ਜਗਾ 'ਤੇ ਲੱਖਾਂ ਰੁਪਏ ਕਰਾਏ ਵਾਲੀ ਜਗ੍ਹਾ ਸਾਨੂੰ ਫਰੀ ਵਿਚ ਸੇਵਾ ਕਰਨ ਦਾ ਮੌਕਾ ਪ੍ਰਦਾਨ ਕਰਦੀ ਹੈ। ਉਹਨਾਂ ਕਿਹਾ ਕਿ ਸਾਡਾ ਸਾਰੀ ਬਲਾਕ, ਸਟੇਟ ਬਾਡੀ ਅਤੇ ਸਾਰੇ ਜ਼ਿਲ੍ਹਿਆਂ ਦੀਆਂ ਬਲਾਕਾਂ ਰਿਣੀ ਹਨ। ਇੱਕ ਸਵਾਲ ਦੇ ਜਵਾਬ ਵਿੱਚ ਉਹਨਾਂ ਕਿਹਾ ਕਿ ਇੱਕਲਾ ਵਿਸਾਖੀ ਮੌਕੇ ਹੀ ਨਹੀਂ ਬਲਕਿ ਹਰ ਜਗ੍ਹਾ 'ਤੇ ਹਰ ਮੇਲਿਆਂ 'ਤੇ ਐਸੋਸੀਏਸ਼ਨ ਸੇਵਾ ਨਿਭਾਉਂਦੀ ਹੈ। ਉਹਨਾਂ ਦੱਸਿਆ ਕਿ ਕੋਰੋਨਾ ਪੀਰੀਅਡ ਅਤੇ ਹੜ੍ਹਾਂ ਦੇ ਦੌਰਾਨ ਵੀ ਐਸੋਸੀਏਸ਼ਨ ਵਧ ਚੜ੍ਹ ਕੇ ਸੇਵਾ ਨਿਭਾਉਂਦੀ ਹੈ।



# 'ਪੰਜਾਬ ਸਿੱਖਿਆ ਕ੍ਰਾਂਤੀ' ਰਾਹੀਂ ਧੂਰੀ ਹਲਕੇ 'ਚ ਸਿੱਖਿਆ ਢਾਂਚੇ ਨੂੰ ਮਿਲੀ ਮਜ਼ਬੂਤੀ : ਚੇਅਰਮੈਨ ਢਿੱਲੋਂ



ਧੂਰੀ, 19 ਅਪ੍ਰੈਲ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ 'ਸਿੱਖਿਆ ਕ੍ਰਾਂਤੀ ਦੇ ਨਾਲ ਬਦਲਦਾ ਪੰਜਾਬ' ਮੁਹਿੰਮ ਅਧੀਨ ਪਿੰਡ ਨੱਤ ਦੇ ਸਰਕਾਰੀ ਸਕੂਲ ਵਿੱਚ ਪੂਰੇ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਸ,ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦਾ ਮੁੱਖ ਟੀਚਾ ਹੈ ਕਿ ਹਰ ਬੱਚੇ ਨੂੰ ਸੁਰੱਖਿਅਤ ਅਤੇ ਵਧੀਆ ਸਿੱਖਿਆ ਵਾਲਾ ਵਾਤਾਵਰਣ ਮਿਲੇ ਪਿੰਡਾਂ ਦੇ ਸਕੂਲਾਂ ਨੂੰ ਸਮਾਰਟ ਸਕੂਲ ਬਣਾਉਣ ਵੱਲ ਇਹ ਇੱਕ ਵੱਡਾ ਕਦਮ ਹੈ। ਇਸ ਮੌਕੇ ਸਕੂਲ ਹੈਡ ਟੀਚਰ ਬਿੰਦਰ ਸਿੰਘ ਮੂਲੋਂਵਾਲ ਨੇ ਕਿਹਾ ਸਾਡੇ ਸਕੂਲ ਦੇ ਬੱਚੇ ਹਰ ਸਾਲ ਜਵਾਹਰ ਲਾਲ ਨਵੋਦਿਆ ਵਿਦਿਆਲਿਆ ਦਾ ਪੇਪਰ ਪਾਸ ਕਰਕੇ ਸਕੂਲ ਦਾ ਨਾਂ ਰੋਸ਼ਨ ਕਰ ਰਹੇ ਹਨ। ਇਸ ਸਾਲ ਵੀ ਸਾਡੇ ਸਕੂਲ ਦੇ ਬੱਚੇ ਫਤਿਹ ਸਿੰਘ ਵੈਦ ਨੇ ਜਵਾਹਰ ਲਾਲ ਨਵੋਦਿਆਂ ਵਿਦਿਆਲਿਆ ਦਾ ਟੈਸਟ ਪਾਸ ਕਰਕੇ ਸਕੂਲ ਦਾ ਨਾਂ ਉੱਚਾ ਕੀਤਾ ਹੈ ਸਾਨੂੰ ਇਸ ਬੱਚੇ ਤੇ ਪੂਰਾ ਮਾਣ ਹੈ, ਸਾਡਾ ਪੂਰਾ ਸਟਾਫ ਮਿਹਨਤੀ ਹੋਣ ਕਰਕੇ ਸਕੂਲ ਦੇ ਨਤੀਜੇ ਬਹੁਤ ਵਧੀਆ ਆ ਰਹੇ ਹਨ। ਇਸ ਮੌਕੇ ਕੋਆਰਡੀਨੇਟਰ ਦਰਸਨ ਸਿੰਘ,ਆਪ ਆਗੂ ਰਣਜੋਧ ਸਿੰਘ ਕਾਂਝਲਾ, ਆਪ ਆਗੂ ਅਮਨਦੀਪ ਸਿੰਘ ਕਾਂਝਲਾ ਸਾਬਕਾ ਸਰਪੰਚ, ਨਰਪਿੰਦਰ ਸਿੰਘ ਕਾਂਝਲਾ, ਬਸੰਤ ਕੁਮਾਰ ਕਾਂਝਲਾ , ਸਰਪੰਚ ਰਾਮ ਜੀ ਨੱਤ, ਜਗਸੀਰ ਸਿੰਘ ਲੱਡਾ, ਤਰਸੇਮ ਸਿੰਘ ,ਅਵਤਾਰ ਸਿੰਘ ,ਸਰਬਜੀਤ ਸਿੰਘ ,ਗੁਰਪ੍ਰੀਤ ਸਿੰਘ ,ਮਨਪ੍ਰੀਤ ਕੌਰ, ਧਰਮਪਾਲ ਸਿੰਘ ,ਨਵਦੀਪ ਸਰਮਾ,ਅਰਸ ਧੂਰੀ,ਨਵਜੋਤ ਧੂਰੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243